


ਸੱਚ ਤੇ ਨਿਡਰ ਆਵਾਜ਼

ਰੋਜ਼ਾਨਾ


# ਲੋਕ ਬਾਣੀ

DAILY LOKBANI JALANDHAR

ਮੁੱਖ ਸੰਪਾਦਕ : ਅਮਨਦੀਪ ਮਹਿਰਾ

ਵੀਰਵਾਰ,20 ਮਾਰਚ 2025

Email:- lokbani08@gmail.com




R. N. I. Punpun/29016/2008 ✶ ਸਾਲ 16 , ✶ ਅੰਕ : 270 ✶ ਮੁੱਲ : 6 ਰੁਪਏ ✶ ਕੁੱਲ ਪੇਜ: 10 ✶ ਦਫਤਰ : 0181–2211009 ✶ M : 99155-94111




## RSS ਨੇ ਔਰੰਗਜ਼ੇਬ ਵਿਵਾਦ ਤੋਂ ਖ਼ੁਦ ਨੂੰ ਲਾਂਭੇ ਕਰਦਿਆਂ ਨਾਗਪੁਰ ਹਿੰਸਾ ਦੀ ਨਿਖੇਧੀ ਕੀਤੀ

ਨਵੀਂ ਦਿੱਲੀ, ਲੋਕ ਬਾਣੀ- ਮੁਗ਼ਲ ਬਾਦਸ਼ਾਹ ਔਰੰਗਜ਼ੇਬ ਦੀ ਮਹਾਰਾਸ਼ਟਰ ਵਿਚ ਸਥਿਤ ਕਬਰ ਨੂੰ ਲੈ ਕੇ ਸੋਮਵਾਰ ਸ਼ਾਮ ਮਾਹਰਾਸ਼ਟਰ ਦੇ ਨਾਗਪੁਰ ਵਿੱਚ ਹੋਈਆਂ ਫਿਰਕੂ ਝੜਪਾਂ ਦੀ ਜਾਰੀ ਸਰਗਰਮ ਜਾਂਚ ਦੇ ਦੌਰਾਨ ਹਾਕਮ ਭਾਜਪਾ ਦੇ ਵਿਚਾਰਧਾਰਕ ਸਲਾਹਕਾਰ ਸੰਗਠਨ ਰਾਸ਼ਟਰੀ ਸੋਇਮਸੇਵਕ ਸੰਘ (Rashtriya Swayamsevak Sangh – RSS) ਨੇ ਬੁੱਧਵਾਰ ਨੂੰ ਕਿਹਾ ਕਿ ਛੇਵਾਂ ਮੁਗ਼ਲ ਬਾਦਸ਼ਾਹ ਔਰੰਗਜ਼ੇਬ ਮੌਜੂਦਾ ਸਮੇਂ ਵਿੱਚ ਪ੍ਰਸੰਗਿਕ ਨਹੀਂ ਹੈ। ਕਰਨਾਟਕ ਵਿੱਚ



21 ਤੋਂ 23 ਮਾਰਚ ਤੱਕ ਬੁਲਾਈ ਜਾ ਰਹੀ ਤਿੰਨ-ਰੋਜ਼ਾ ਆਲ ਇੰਡੀਆ ਪ੍ਰਤਿਨਿਧੀ ਸਭਾ ਤੋਂ ਪਹਿਲਾਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਆਰਐਸਐਸ ਸੰਚਾਰ ਮੁਖੀ ਸੁਨੀਲ ਅੰਬੇਕਰ ਨੇ ਕਿਹਾ

## ਕੇਂਦਰੀ ਮੰਤਰੀ ਰਵਨੀਤ ਸਿੰਘ ਬਿੱਟੂ ਵਲੋਂ ਪੰਜਾਬ ਦੇ ਕਿਸਾਨ ਆਗੂਆਂ ਦੀ ਗ੍ਰਿਫ਼ਤਾਰੀ ਦੀ ਨਿਖੇਧੀ

ਨਵੀਂ ਦਿੱਲੀ, ਲੋਕ ਬਾਣੀ-ਕੇਂਦਰੀ ਰੇਲ ਅਤੇ ਫੂਡ ਪ੍ਰੋਸੈਸਿੰਗ ਰਾਜ ਮੰਤਰੀ ਨੇ ਅੱਜ ਸੀਨੀਅਰ ਕਿਸਾਨ ਆਗੂਆਂ ਜਗਜੀਤ ਸਿੰਘ ਡੱਲੇਵਾਲ ਅਤੇ ਸਰਵਣ ਸਿੰਘ ਪੰਧੇਰ ਨੂੰ ਕਰਨਾਟਕ ਦੇ ਕੁਝ ਕਿਸਾਨਾਂ ਸਮੇਤ ਗ੍ਰਿਫ਼ਤਾਰ ਕੀਤੇ ਜਾਣ ਦੀ ਸਖ਼ਤ ਨਿਖੇਧੀ ਕੀਤੀ। ਇਕ ਪ੍ਰੈਸ ਬਿਆਨ ਵਿਚ ਬਿੱਟੂ ਨੇ ਕਿਹਾ ਕਿ ਉਹ ਪੰਜਾਬ ਪੁਲਿਸ ਵਲੋਂ ਕਿਸਾਨ ਆਗੂਆਂ ਖਿਲਾਫ ਕਾਰਵਾਈ ਦੀ ਖਬਰ ਸੁਣ ਕੇ ਬਹੁਤ ਸਦਮੇ ਵਿਚ ਹਨ। ਬਿੱਟੂ ਨੇ ਕਿਹਾ ਕਿ ਭਾਜਪਾ ਕਿਸਾਨਾਂ ਨਾਲ ਗੱਲਬਾਤ ਜਾਰੀ ਰੱਖੇਗੀ ਅਤੇ ਕਿਸਾਨਾਂ ਦੀ



ਭਲਾਈ ਲਈ ਵਚਨਬੱਧ ਹੈ।

## ਡੱਲੇਵਾਲ ਤੇ ਪੰਧੇਰ ਸਣੇ 300 ਤੋਂ ਵੱਧ ਕਿਸਾਨ ਹਿਰਾਸਤ 'ਚ ਲਏ; ਬੁਲਡੋਜ਼ਰ ਐਕਸ਼ਨ ਮਗਰੋਂ ਸ਼ੰਭੂ ਤੇ ਖਨੌਰੀ ਬਾਰਡਰ ਖਾਲੀ ਕਰਵਾਏ

ਪਟਿਆਲਾ ਲੋਕ ਬਾਣੀ -ਪੁਲੀਸ ਨੇ ਚੰਡੀਗੜ੍ਹ ਵਿਚ ਕੇਂਦਰੀ ਮੰਤਰੀਆਂ ਨਾਲ ਮੀਟਿੰਗ ਤੋਂ ਵਾਪਸ ਸ਼ੰਭੂ ਤੇ ਖਨੌਰੀ ਮੋਰਚਿਆਂ ਉਤੇ ਪਰਤਦੇ ਸਮੇਂ ਕਿਸਾਨ ਆਗੂਆਂ ਜਗਜੀਤ ਸਿੰਘ ਡੱਲੇਵਾਲ਼, ਸਰਵਣ ਸਿੰਘ ਪੰਧੇਰ ਅਤੇ ਅਭਿਮਨਿਊ ਕੋਹਾੜ ਸਣੇ 300 ਤੋਂ ਵੱਧ ਕਿਸਾਨ ਆਗੂਆਂ ਨੂੰ ਹਿਰਾਸਤ 'ਚ ਲੈਣ ਮਗਰੋਂ ਅੱਜ ਰਾਤੀਂ ਬੁਲਡੋਜ਼ਰ ਐਕਸ਼ਨ ਕਰਕੇ ਸ਼ੰਭੂ ਤੇ ਖਨੌਰੀ ਬਾਰਡਰ ਖਾਲੀ ਕਰਵਾ ਲਏ ਹਨ। ਪੁਲੀਸ ਨੇ ਕਿਸਾਨਾਂ ਵੱਲੋਂ ਬਣਾਈਆਂ





ਸਟੇਜਾਂ ਢਾਹ ਦਿੱਤੀਆਂ ਤੇ ਤੰਬੂ ਪੁੱਟ ਸੁੱਟੇ। ਐੱਸਐੱਸਪੀ ਨਾਨਕ ਸਿੰਘ ਵੱਲੋਂ ਖ਼ਬਰ ਏਜੰਸੀ ਏਐੱਨਆਈ ਨੂੰ ਦਿੱਤੇ ਬਿਆਨ ਮੁਤਾਬਕ ਸ਼ੰਭੂ ਤੇ ਢਾਬੀ ਗੁੱਜਰਾਂ ਬਾਰਡਰਾਂ ਨੂੰ ਖਾਲੀ ਕਰਵਾ ਦਿੱਤਾ ਗਿਆ ਹੈ।

## ਕਿਸਾਨ ਆਗੂਆਂ ਤੇ ਕੇਂਦਰੀ ਮੰਤਰੀਆਂ ਦਰਮਿਆਨ ਤੀਜੇ ਗੇੜ ਦੀ ਗੱਲਬਾਤ ਬੇਸਿੱਟਾ, ਅਗਲੀ ਬੈਠਕ 4 ਮਈ ਨੂੰ

ਚੰਡੀਗੜ੍ਹ, ਲੋਕ ਬਾਣੀ-ਸੰਯੁਕਤ ਕਿਸਾਨ ਮੋਰਚਾ (ਗੈਰ-ਸਿਆਸੀ) ਤੇ ਕਿਸਾਨ ਮਜ਼ਦੂਰ ਮੋਰਚਾ ਅਤੇ ਤਿੰਨ ਕੇਂਦਰੀ ਮੰਤਰੀਆਂ ਦਰਮਿਆਨ ਚੰਡੀਗੜ੍ਹ ਵਿਚ ਤੀਜੇ ਗੇੜ ਦੀ ਗੱਲਬਾਤ ਬੇਸਿੱਟਾ ਰਹੀ। ਅਗਲੇ ਗੇੜ ਦੀ ਮੀਟਿੰਗ ਹੁਣ 4 ਮਈ ਨੂੰ ਹੋਵੇਗੀ। ਤਿੰਨ ਘੰਟੇ ਤੋਂ ਵੱਧ ਸਮਾਂ ਚੱਲੀ ਬੈਠਕ ਦੌਰਾਨ ਕੇਂਦਰੀ ਖੇਤੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ ਕਿ ਗੱਲਬਾਤ ਜਾਰੀ ਰਹੇਗੀ ਤੇ



ਅਗਲੀ ਬੈਠਕ 4 ਮਈ ਨੂੰ ਹੋਵੇਗੀ।ਚੌਹਾਨ ਨੇ ਬੈਠਕ ਮਗਰੋਂ ਕਿਹਾ, "ਬੈਠਕ ਸਾਜ਼ਗਾਰ ਮਾਹੌਲ ਵਿਚ ਹੋਈ।

## ਅਕਾਲੀ ਦਲ ਅਤੇ ਸ਼੍ਰੋਮਣੀ ਕਮੇਟੀ ਵੱਲੋਂ ਹਿਮਾਚਲ 'ਚ ਸਿੱਖ ਸ਼ਰਧਾਲੂਆਂ ਨਾਲ ਬਦਸਲੂਕੀ ਦਾ ਸਖ਼ਤ ਵਿਰੋਧ

ਅੰਮ੍ਰਿਤਸਰ, ਲੋਕ ਬਾਣੀ -: ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਡਾਕਟਰ ਦਲਜੀਤ ਸਿੰਘ ਚੀਮਾ ਨੇ ਹਿਮਾਚਲ ਪ੍ਰਦੇਸ਼ ਅੰਦਰ ਸਿੱਖ ਵਿਰੋਧੀ ਕਾਰਵਾਈਆਂ ਦੀ ਕਰੜੀ ਨਿੰਦਾ ਕਰਦਿਆਂ ਉੱਥੋਂ ਦੀ ਸਰਕਾਰ ਨੂੰ ਫਿਰਕੂ ਅਨਸਰਾਂ ਵਿਰੁੱਧ ਕਾਰਵਾਈ ਕਰਨ ਲਈ ਕਿਹਾ ਹੈ।

ਸ਼੍ਰੋਮਣੀ ਕਮੇਟੀ ਦਫ਼ਤਰ ਤੋਂ ਜਾਰੀ ਬਿਆਨ



ਵਿੱਚ ਐਡਵੋਕੇਟ ਧਾਮੀ ਨੇ ਆਖਿਆ ਕਿ ਸਿੱਖ ਸ਼ਰਧਾਲੂ ਦੇਸ਼ ਦੇ ਵੱਖ-ਵੱਖ ਹਿੱਸਿਆਂ 'ਚ ਸਥਿਤ ਪਾਵਨ ਗੁਰਧਾਮਾਂ ਦੇ ਦਰਸ਼ਨਾਂ ਲਈ ਅਕਸਰ ਜਾਂਦੇ ਹਨ,

## ਮੁਲਾਜ਼ਮ ਦੀ ਕਾਰਬਾਈਨ ਖੋਹਣ ਵਾਲਾ ਨਸ਼ਾ ਤਸਕਰ ਪੁਲੀਸ ਗੋਲੀ ਨਾਲ ਜ਼ਖ਼ਮੀ

ਅੰਮ੍ਰਿਤਸਰ, (ਲੋਕ ਬਾਣੀ)- ਹਥਿਆਰਾਂ ਅਤੇ ਨਸ਼ੀਲੇ ਪਦਾਰਥਾਂ ਦੀ ਬਰਾਮਦਗੀ ਲਈ ਲੈ ਕੇ ਗਈ ਪੁਲੀਸ ਪਾਰਟੀ ਉਤੇ ਮੁਲਜ਼ਮ ਵੱਲੋਂ ਪੁਲੀਸ ਕਰਮਚਾਰੀ ਦੀ ਕਾਰਬਾਈਨ ਖੋਹ ਕੇ ਤਾਣੇ ਜਾਣ ਅਤੇ ਪੁਲੀਸ ਵੱਲੋਂ ਆਤਮ ਰੱਖਿਆ ਵਿੱਚ ਚਲਾਈ ਗਈ ਗੋਲੀ ਨਾਲ ਮੁਲਜ਼ਮ ਜ਼ਖ਼ਮੀ ਹੋ ਗਿਆ। ਜ਼ਖ਼ਮੀ ਹੋਏ ਮੁਲਜ਼ਮ ਦੀ ਸ਼ਨਾਖਤ ਧਰਮਿੰਦਰ




ਸਿੰਘ ਉਰਫ ਸੋਨੂ ਵਜੋਂ ਦੱਸੀ ਗਈ ਹੈ। ਮੁਲਜ਼ਮ ਨੂੰ ਬੀਤੇ ਕੱਲ੍ਹ ਅੱਠ ਕਿਲੋ ਹੈਰੋਇਨ ਅਤੇ ਇੱਕ ਪਿਸਤੌਲ ਸਮੇਤ ਕਾਬੂ ਕੀਤਾ ਸੀ।

## ਸ਼ੰਭੂ ਸਰਹੱਦ ਨੇੜੇ Internet ਮੁਅੱਤਲ, ਪਟਿਆਲਾ ਤੇ ਸੰਗਰੂਰ ਜ਼ਿਲ੍ਹਿਆਂ 'ਚ ਭਾਰੀ ਪੁਲੀਸ ਫੋਰਸ ਤਾਇਨਾਤ

ਪਟਿਆਲਾ, ਲੋਕ ਬਾਣੀ- ਸ਼ੰਭੂ ਸਰਹੱਦ ਦੇ ਆਲੇ-ਦੁਆਲੇ ਦੇ ਕਈ ਇਲਾਕਿਆਂ ਵਿੱਚ ਇੰਟਰਨੈੱਟ ਸੇਵਾ ਮੁਅੱਤਲ ਕਰ ਦਿੱਤੀ ਗਈ ਹੈ ਅਤੇ ਨੇੜਲੇ ਪਿੰਡਾਂ ਵਿੱਚ ਭਾਰੀ ਪੁਲੀਸ ਫੋਰਸ ਤਾਇਨਾਤ ਕੀਤੀ ਗਈ ਹੈ। ਇੱਕ ਸੀਨੀਅਰ ਪੁਲੀਸ ਅਧਿਕਾਰੀ ਨੇ ਪੁਸ਼ਟੀ ਕੀਤੀ ਕਿ ਉਨ੍ਹਾਂ ਨੂੰ ਸ਼ੰਭੂ ਵਿੱਚ ਰਹਿਣ ਦੀ ਹਦਾਇਤ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਐਂਬੂਲੈਂਸਾਂ ਅਤੇ ਇੱਥੋਂ ਤੱਕ ਕਿ ਦੰਗਾ ਕੰਟਰੋਲ ਵਾਹਨ ਵੀ ਇਲਾਕੇ ਵਿੱਚ ਤਾਇਨਾਤ ਕੀਤੇ ਗਏ ਹਨ।

ਇੱਕ ਪੁਲੀਸ ਅਧਿਕਾਰੀ ਨੇ ਕਿਹਾ ਕਿ ਅਗਲੇ ਹੁਕਮਾਂ ਦੀ ਉਡੀਕ ਕੀਤੀ ਜਾ ਰਹੀ ਹੈ। ਐਸਪੀ-



ਪੱਧਰ ਦੇ ਅਧਿਕਾਰੀ ਕਿਹਾ, ਸਾਨੂੰ ਖਾਸ ਥਾਵਾਂ 'ਤੇ ਰਿਪੋਰਟ ਕਰਨ ਲਈ ਕਿਹਾ ਗਿਆ ਸੀ ਅਤੇ ਅਸੀਂ ਹੋਰ ਨਿਰਦੇਸ਼ਾਂ ਦੀ ਉਡੀਕ ਕਰ ਰਹੇ ਹਾਂ। ਸਾਨੂੰ ਇਹ ਵੀ ਸਪੱਸ਼ਟ ਨਹੀਂ ਹੈ ਕਿ ਕੀ ਸਾਨੂੰ ਮੁਜ਼ਾਹਰਾਕਾਰੀਆਂ ਨੂੰ ਖਿੰਡਾਉਣ ਲਈ ਤਾਇਨਾਤ ਕੀਤਾ ਗਿਆ ਹੈ,

## ਸੁਖਪਾਲ ਸਿੰਘ ਖਹਿਰਾ ਵਲੋਂ ਕਿਸਾਨ ਆਗੂਆਂ ਦੀ ਗ੍ਰਿਫਤਾਰੀ ਦੀ ਨਿੰਦਾ

ਚੰਡੀਗੜ੍ਹ, ਲੋਕ ਬਾਣੀ- ਵਿਧਾਇਕ ਸੁਖਪਾਲ ਸਿੰਘ ਖਹਿਰਾ ਨੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਅਤੇ ਸਰਬਜੀਤ ਸਿੰਘ ਪੰਧੇਰ ਦੀ ਗ੍ਰਿਫ਼ਤਾਰੀ ਨੂੰ ਲੋਕਤੰਤਰ ਅਤੇ ਕਿਸਾਨ ਹੱਕਾਂ ਉਤੇ ਸਿੱਧਾ ਹਮਲਾ ਕਰਾਰ ਦਿੱਤਾ। ਇਸ ਕਾਰਵਾਈ






ਪੰਜਾਬ ਦੇ ਹਰ ਜ਼ਿਲ੍ਹੇ ਤੋਂ ਰੋਜ਼ਾਨਾ ਲੋਕ ਬਾਣੀ ਅਖ਼ਬਾਰ ਲਈ ਪੱਤਰਕਾਰਾਂ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫ਼ਤਰ
ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 99155-94111

# ਭਾਈ ਅੰਮ੍ਰਿਤਪਾਲ ਸਿੰਘ ਦੇ 7 ਸਾਥੀਆਂ ਨੂੰ ਲੈਣ ਲਈ ਆਸਾਮ ਪਹੁੰਚੀ ਪੰਜਾਬ ਪੁਲਿਸ, ਕੱਲ੍ਹ ਅੰਮ੍ਰਿਤਸਰ ਚ ਲਿਆਂਦਾ ਜਾ ਸਕਦਾ ਹੈ

ਚੰਡੀਗੜ੍ਹ-(ਲੋਕ ਬਾਣੀ) 'ਵਾਰਿਸ ਪੰਜਾਬ ਦੇ' ਦੇ ਮੁਖੀ ਅਤੇ ਖਡੂਰ ਸਾਹਿਬ ਤੋਂ ਸੰਸਦ ਮੈਂਬਰ ਭਾਈ ਅੰਮ੍ਰਿਤਪਾਲ ਸਿੰਘ ਦੇ 7 ਸਾਥੀਆਂ ਨੂੰ ਪੰਜਾਬ ਲਿਆਉਣ ਦੀਆਂ ਤਿਆਰੀਆਂ ਸ਼ੁਰੂ ਹੋ ਗਈਆਂ ਹਨ। ਇਸ ਦੇ ਲਈ ਪੰਜਾਬ ਪੁਲਿਸ ਦੀ ਟੀਮ ਆਸਾਮ ਪਹੁੰਚ ਗਈ ਹੈ। ਪੰਜਾਬ ਪੁਲਿਸ ਨੇ ਅੱਜ ਦੋ ਸਾਥੀਆਂ ਪ੍ਰਧਾਨ ਬਾਜੇਕੇ ਅਤੇ ਗੁਰਮੀਤ ਸਿੰਘ ਦਾ ਟਰਾਂਜ਼ਿਟ ਰਿਮਾਂਡ ਹਾਸਲ ਕਰਕੇ ਦੋਵਾਂ ਨੂੰ ਪੰਜਾਬ ਪੁਲਿਸ ਦੇ ਹਵਾਲੇ ਕਰ ਦਿੱਤਾ ਹੈ। ਅੰਦਾਜ਼ਾ ਹੈ ਕਿ ਦੋਵੇਂ ਸਾਥੀ ਕੱਲ੍ਹ ਸਵੇਰੇ ਅੰਮ੍ਰਿਤਸਰ ਪਹੁੰਚ ਜਾਣਗੇ।



ਜ਼ਿਕਰਯੋਗ ਹੈ ਕਿ ਪੰਜਾਬ ਸਰਕਾਰ ਨੇ ਇਨ੍ਹਾਂ ਸਾਰਿਆਂ ਤੇ ਨੈਸ਼ਨਲ ਸਕਿਓਰਿਟੀ ਐਕਟ (ਐਨ. ਐੱਸ. ਏ.) ਨੂੰ ਜਾਰੀ ਰੱਖਣ ਤੋਂ ਇਨਕਾਰ ਕਰ ਦਿੱਤਾ ਹੈ। ਜਿਸ ਤੋਂ ਬਾਅਦ ਪੰਜਾਬ ਪੁਲਿਸ ਭਾਈ ਅੰਮ੍ਰਿਤਪਾਲ ਸਿੰਘ ਦੇ ਸਾਥੀਆਂ ਨੂੰ ਲੈਣ ਲਈ ਅਸਾਮ ਦੇ ਡਿਬਰੂਗੜ੍ਹ ਪਹੁੰਚ ਗਈ ਹੈ। ਕੱਲ੍ਹ ਤੋਂ ਬਾਅਦ ਪੰਜ ਹੋਰਾਂ ਦਾ ਰਿਮਾਂਡ ਲੈਣ ਦੀ ਕੋਸ਼ਿਸ਼ ਕੀਤੀ ਜਾਵੇਗੀ।
ਜਾਣਕਾਰੀ ਅਨੁਸਾਰ ਭਾਈ ਅੰਮ੍ਰਿਤਪਾਲ ਸਿੰਘ, ਪੱਪਲਪ੍ਰੀਤ ਸਿੰਘ ਅਤੇ ਵਰਿੰਦਰ ਵਿੱਕੀ ਨੂੰ ਫਿਲਹਾਲ ਡਿਬਰੂਗੜ੍ਹ ਜੇਲ੍ਹ ਵਿੱਚ ਹੀ ਰਹਿਣਾ ਪਵੇਗਾ। ਉਨ੍ਹਾਂ ਦੇ ਐਨਐਸਏ ਦੀ ਅਗਲੀ ਸੁਣਵਾਈ ਜੋ ਕਿ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿੱਚ ਚੱਲ ਰਹੀ ਹੈ, 22 ਮਾਰਚ ਨੂੰ ਹੋਣੀ ਹੈ, ਜਿਸ ਤੋਂ ਬਾਅਦ ਸਰਕਾਰ ਅਗਲੇ ਫੈਸਲੇ ਲਵੇਗੀ। ਦੱਸ ਦੇਈਏ ਕਿ ਪੰਜਾਬ ਪੁਲਿਸ ਫਰਵਰੀ 2023 ਵਿੱਚ ਅੰਮ੍ਰਿਤਸਰ ਦੇ ਅਜਨਾਲਾ ਥਾਣੇ 'ਤੇ ਹੋਏ ਹਮਲੇ ਸਬੰਧੀ ਇਨ੍ਹਾਂ ਸਾਰੇ ਮੁਲਜ਼ਮਾਂ ਖ਼ਿਲਾਫ਼ ਕਾਰਵਾਈ ਸ਼ੁਰੂ ਕਰੇਗੀ।

# ਹਿਮਾਚਲ 'ਚ ਪੰਜਾਬੀ ਤੇ ਸਿੱਖ ਨੌਜਵਾਨਾਂ ਨਾਲ ਧੱਕਾ ਹਰਗਿਜ਼ ਬਰਦਾਸ਼ਤ ਨਹੀਂ ਕੀਤਾ ਜਾਵੇਗਾ, ਸ਼੍ਰੋਮਣੀ ਕਮੇਟੀ ਹਿਮਾਚਲ ਸਰਕਾਰ ਕੋਲ ਉਠਾਵੇ ਮਾਮਲਾ

ਅੰਮ੍ਰਿਤਸਰ- (ਲੋਕ ਬਾਣੀ) ਹਿਮਾਚਲ ਪ੍ਰਦੇਸ਼ ਵਿੱਚ ਕੁਝ ਸ਼ਰਾਰਤੀ ਲੋਕਾਂ ਵੱਲੋਂ ਪੁਲਿਸ ਦੀ ਹਾਜ਼ਰੀ ਵਿੱਚ ਸਿੱਖ ਤੇ ਪੰਜਾਬੀ ਨੌਜਵਾਨਾਂ ਵੱਲੋਂ ਲਗਾਏ ਸਿੱਖ ਝੰਡੇ ਅਤੇ ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੀ ਤਸਵੀਰ ਪਾੜਣ ਅਤੇ ਪੈਰਾਂ ਹੇਠ ਮਿੱਧਣ ਦੇ ਮਾਮਲੇ ਵਿੱਚ ਸ਼੍ਰੋਮਣੀ ਕਮੇਟੀ ਮੈਬਰ ਗੁਰਚਰਨ ਸਿੰਘ ਗਰੇਵਾਲ ਦਾ ਬਿਆਨ ਆਇਆ ਸਾਹਮਣੇ ਉਨ੍ਹਾ ਕਿਹਾ ਕਿ ਸਾਡੇ ਪੰਜਾਬ ਦੇ ਨੌਜਵਾਨ ਹਿਮਾਚਲ ਪ੍ਰਦੇਸ਼ ਵਿੱਚ ਜੋ ਗੁਰੂ ਘਰਾਂ ਵਿੱਚ ਹੋਲਾ ਮਹੱਲਾ ਮਨਾਉਣ ਦੇ ਲਈ ਗਏ ਸਨ ਉਥੋਂ ਦੇ ਕੁਝ ਲੋਕਾਂ ਵੱਲੋਂ ਪੁਲਿਸ ਦੀ ਹਾਜ਼ਰੀ ਵਿੱਚ ਉਹਨਾਂ ਦੇ ਪੋਸਟਰ ਅਤੇ ਝੰਡੇ ਉਤਾਰ ਕੇ ਪੈਰਾਂ ਵਿੱਚ ਮਿੱਧੇ ਗਏ ਹਨ ਸ਼ਰੇਆਮ ਉਹਨਾਂ ਨੂੰ ਗੁੰਡਾਗਰਦੀ ਕੀਤੀ ਗਈ ਹੈ ਜਿਸ ਦੀ ਅਕਾਲ ਤਖਤ ਸਾਹਿਬ ਦੇ ਨਵਨਿਯੁਕਤ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸਖ਼ਤ ਨੋਟਿਸ ਲੈਂਦਿਆਂ ਸ਼੍ਰੋਮਣੀ ਕਮੇਟੀ ਨੂੰ ਆਦੇਸ਼ ਜਾਰੀ ਕੀਤੇ ਹਨ ਕਿ ਇਸ ਦੀ ਪੜਤਾਲ ਕੀਤੀ ਜਾਵੇ। ਗੁਰਚਰਨ ਸਿੰਘ ਗਰੇਵਾਲ ਨੇ ਕਿਹਾ ਕਿ ਇਸ ਨੂੰ ਹਰਗਿਜ਼ ਪ੍ਰਵਾਨ ਨਹੀਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਜਦੋਂ ਪੁਲਿਸ ਕਿਸੇ ਨੌਜਵਾਨ ਨੂੰ ਉਨ੍ਹਾਂ ਦੇ ਵਾਹਨ ਦੇ ਕਾਗਜ਼ਾਂ ਦੀ ਜਾਂਚ ਕਰਨ ਲਈ ਰੋਕਦੀ ਹੈ ਤਾਂ ਉਸ ਮੌਕੇ ਕਿਸੇ ਵੀ ਸਥਾਨਕ ਸ਼ਰਾਰਤੀ ਅਨਸਰਾਂ ਦਾ ਕੋਈ ਹੱਕ ਨਹੀਂ ਬਣਦਾ ਕਿ ਉਹ ਸਿੱਖ ਨੌਜਵਾਨਾਂ ਨਾਲ ਜ਼ੋਰ ਜ਼ਬਰਦਸਤੀ ਕਰਨ ਅਤੇ ਉਨ੍ਹਾਂ ਦੇ ਵਾਹਨਾਂ ਉੱਤੇ ਲੱਗੇ ਸਿੱਖਾਂ ਨਾਲ ਸਬੰਧਤ ਝੰਡਿਆਂ ਨੂੰ ਪਾੜਣ। ਉਨ੍ਹਾਂ ਕਿਹਾ ਕਿ ਇਸ ਤੋਂ ਇਹ ਪ੍ਰਤੀਤ ਹੁੰਦਾ ਹੈ ਕਿ ਹਿਮਾਚਲ ਪ੍ਰਦੇਸ਼ ਦੀ ਪੁਲਿਸ ਨੂੰ ਜਿਵੇਂ ਸਥਾਨਕ ਗੁੰਡਾ ਤੇ ਸ਼ਰਾਰਤੀ ਅਨਸਰ ਚਲਾ ਰਹੇ ਹੋਣ।ਗਰੇਵਾਲ ਨੇ ਸਿੱਖ ਨੌਜਵਾਨਾਂ ਨੂੰ ਵੀ ਅਪੀਲ ਕੀਤੀ ਕਿ ਜਦੋਂ ਉਹ ਹਿਮਾਚਲ ਪ੍ਰਦੇਸ਼ ਜਾਣ ਤਾਂ ਆਪਣੇ ਵਾਹਨਾਂ ਦੇ ਕਾਗਜ਼ ਪੂਰੇ ਕਾਇਮ ਰੱਖਣ ਅਤੇ ਇਕੱਲੇ ਸਫ਼ਰ ਕਰਨ ਤੋਂ ਗੁਰੇਜ਼ ਕਰਨ। ਉਨ੍ਹਾ ਨੇ ਹਿਮਾਚਲ ਪ੍ਰਦੇਸ਼ ਦੀ ਕਾਂਗਰਸ ਸਰਕਾਰ ਦੇ ਮੁੱਖ ਮੰਤਰੀ ਸੁਖਵਿੰਦਰ ਸਿੰਘ ਸੁੱਖੂ ਨੂੰ ਕਿਹਾ ਕਿ ਉਹ ਇਨ੍ਹਾਂ ਘਟਨਾਵਾਂ ਦਾ ਨੋਟਿਸ ਲੈਂਦਿਆਂ ਸੂਬੇ ਦੀ ਪੁਲਿਸ ਨੂੰ ਕਾਨੂੰਨ ਅਨੁਸਾਰ ਜ਼ਾਬਤਾ ਕਾਇਮ ਰੱਖਣ ਲਈ ਆਦੇਸ਼ ਕਰਨ। ਉਨ੍ਹਾਂ ਹਿਮਾਚਲ ਦੇ ਮੁੱਖ ਮੰਤਰੀ ਨੂੰ ਕਿਹਾ ਕਿ ਕੁਝ ਸ਼ਰਾਰਤੀ ਲੋਕ ਹਿਮਾਚਲ ਪ੍ਰਦੇਸ਼ ਅਤੇ ਪੰਜਾਬ ਦੀ ਭਾਈਚਾਰਕ ਸਾਂਝ ਨੂੰ ਸੱਟ ਮਾਰਨਾਂ ਚਾਹੁੰਦੇ ਹਨ ਅਤੇ ਤਣਾਅ ਵਾਲੀ ਸਥਿਤੀ ਬਣਾਉਣਾ ਚਾਹੁੰਦੇ ਹਨ, ਜਿਸ ਪ੍ਰਤੀ ਸੂਬਾ ਸਰਕਾਰ ਦੀ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਅਜਿਹੇ ਅਨਸਰਾਂ ਨੂੰ ਨੱਥ ਪਾ ਕੇ ਰੱਖਣ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਦੀ ਜ਼ਿੰਮੇਵਾਰੀ ਹਰ ਧਰਮ ਤੇ ਫਿਰਕੇ ਦੇ ਲੋਕਾਂ ਦੀ ਸੁਰੱਖਿਆ ਯਕੀਨੀ ਬਣਾਉਣ ਦੀ ਹੁੰਦੀ ਹੈ ਨਾ ਕਿ ਕਿਸੇ ਇੱਕ ਧਰਮ ਦੇ ਲੋਕਾਂ ਵਿਰੁੱਧ ਕੀਤੀ ਜਾ ਰਹੀ ਨਫ਼ਰਤ ਨੂੰ ਸ਼ਰੇਆਮ ਹੋਣ ਦੇਣ ਦੀ। ਉਨ੍ਹਾ ਨੇ ਕਿਹਾ ਕਿ ਇੱਕ ਭਾਰਤ ਬਹੁਧਰਮੀ ਅਤੇ ਬਹੁਭਾਸ਼ੀ ਦੇਸ਼ ਹੈ, ਜਿਸ ਵਿਚ ਹਰ ਇਕ ਨੂੰ ਧਾਰਮਿਕ ਅਜ਼ਾਦੀ ਹੈ। ਉਨ੍ਹਾਂ ਕਿਹਾ ਕਿ ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲੇ ਸਿੱਖਾਂ ਦੇ ਕੌਮੀ ਸ਼ਹੀਦ ਤੇ ਨਾਇਕ ਹਨ, ਜਿਨ੍ਹਾਂ ਨੂੰ ਸਿੱਖ ਕੌਮ ਦੇ ਸਰਵਉੱਚ ਅਸਥਾਨ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸ਼ਹੀਦ ਐਲਾਨਿਆ ਹੋਇਆ ਹੈ। ਉਨ੍ਹਾਂ ਕਿਹਾ ਕਿ ਹਿਮਾਚਲ ਪ੍ਰਦੇਸ਼ ਵਿੱਚ ਸਿੱਖ ਆਪਣੇ ਗੁਰਧਾਮਾਂ ਦੇ ਦਰਸ਼ਨਾਂ ਲਈ ਜਾਂਦੇ ਹਨ, ਪਰ ਸ਼ਰਧਾਲੂਆਂ ਨੂੰ ਰੋਕ ਕੇ ਉਨ੍ਹਾਂ ਦੀਆਂ ਗੱਡੀਆਂ ਤੋਂ ਨਿਸ਼ਾਨ ਸਾਹਿਬ ਅਤੇ ਸਿੱਖ ਸ਼ਹੀਦਾਂ ਦੀਆਂ ਤਸਵੀਰਾਂ ਜਬਰੀ ਲੁਹਾਈਆਂ ਜਾ ਰਹੀਆਂ ਹਨ। ਦੁੱਖ ਦੀ ਗੱਲ ਹੈ ਕਿ ਇਸ ਮਾਮਲੇ 'ਤੇ ਪੁਲਿਸ ਪ੍ਰਸ਼ਾਸ਼ਨ ਆਪਣੀ ਬਣਦੀ ਜ਼ਿੰਮੇਵਾਰੀ ਨਹੀਂ ਨਿਭਾਅ ਰਿਹਾ ਬਲਕਿ ਸਿੱਖਾਂ ਖਿਲਾਫ਼ ਸਿਰਜੇ ਜਾ ਰਹੇ ਨਫ਼ਰਤੀ ਮਾਹੌਲ ਨੂੰ ਹਵਾ ਦੇ ਰਿਹਾ ਹੈ। ਉਨ੍ਹਾਂ ਕਿਹਾ ਕਿ ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੀ ਤਸਵੀਰ 'ਤੇ ਕਿੰਤੂ ਕਰਨਾ ਜਾਇਜ਼ ਨਹੀਂ ਅਤੇ ਜੇਕਰ ਕਿਸੇ ਨੂੰ ਕੋਈ ਸ਼ੱਕ ਹੋਵੇ ਤਾਂ ਉਹ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਆ ਕੇ ਇੱਥੇ ਬਣੀ ਸਿੱਖ ਸ਼ਹੀਦਾਂ ਦੀ ਯਾਦਗਾਰ ਦੇਖ ਸਕਦੇ ਹਨ, ਕਿ ਉਨ੍ਹਾਂ ਦੀ ਕੌਮ ਨੂੰ ਕੀ ਦੇਣ ਹੈ।ਉਨ੍ਹਾਂ ਨੇ ਕਿਹਾ ਕਿ ਦੇਸ਼ ਦਾ ਸੰਵਿਧਾਨ ਹਰ ਇੱਕ ਨੂੰ ਧਾਰਮਿਕ ਅਜ਼ਾਦੀ ਅਤੇ ਵਿਚਾਰਾਂ ਦੇ ਪ੍ਰਗਟਾਵੇ ਦਾ ਅਧਿਕਾਰ ਦਿੰਦਾ ਹੈ, ਪਰੰਤੂ ਹਿਮਾਚਲ ਵਿੱਚ ਸਿੱਖ ਆਗੂ ਪ੍ਰਤੀ ਨਫ਼ਰਤ ਪੈਦਾ ਕਰਨੀ ਆਪਸੀ ਭਾਈਚਾਰਕ ਸਾਂਝ ਲਈ ਠੀਕ ਨਹੀਂ ਅਤੇ ਅਜਿਹੇ ਟਕਰਾਅ ਤੋਂ ਬਚਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸਿੱਖਾਂ ਨੇ ਹਮੇਸ਼ਾ ਹੀ ਦੇਸ਼ ਦੀ ਤਰੱਕੀ ਵਾਸਤੇ ਯੋਗਦਾਨ ਪਾਇਆ ਹੈ ਅਤੇ ਦੇਸ਼ 'ਤੇ ਬਣੀ ਕਿਸੇ ਵੀ ਮੁਸੀਬਤ ਸਮੇਂ ਬਿਨ੍ਹਾਂ ਭੇਦ-ਭਾਵ ਹਰ ਧਰਮ ਦੇ ਲੋਕਾਂ ਦੀ ਸੇਵਾ ਕੀਤੀ ਹੈ। ਉਨ੍ਹਾਂ ਕਿਹਾ ਕਿ ਹਿਮਾਚਲ ਵਾਸੀਆਂ ਨੂੰ ਭੁੱਲਣਾ ਨਹੀਂ ਚਾਹੀਦਾ ਕਿ ਜੇਕਰ ਅੱਜ ਪੂਰਾ ਦੇਸ਼ ਅਜ਼ਾਦੀ ਦਾ ਨਿੱਘ ਮਾਣ ਰਿਹਾ ਹੈ ਤਾਂ ਉਹ ਸਿੱਖਾਂ ਦੀ ਵੱਡੀ ਭੂਮਿਕਾ ਦੀ ਬਦੌਲਤ ਹੈ। ਜਿਸਦੇ ਚਲਦੇ ਸਿੰਘ ਸਾਹਿਬ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਵੀ ਹਿਦਾਇਤ ਕੀਤੀ ਕਿ ਇਹ ਮਾਮਲਾ ਹਿਮਾਚਲ ਪ੍ਰਦੇਸ਼ ਦੀ ਸਰਕਾਰ ਪਾਸ ਉਠਾਇਆ ਜਾਵੇ।



# ਹੋਲੇ ਮਹੱਲੇ ਤੋਂ ਪਰਤ ਰਿਹਾ ਟਰੈਕਟਰ-ਟਰਾਲੀ ਹਾਦਸਾਗ੍ਰਸਤ; 2 ਸ਼ਰਧਾਲੂਆਂ ਦੀ ਮੌਤ, 10 ਜ਼ਖ਼ਮੀ



(ਲੋਕ ਬਾਣੀ) ਮਾਛੀਵਾੜਾ ਦੇ ਨੇੜਲੇ ਪਿੰਡ ਮਾਣੇਵਾਲ ਦੇ ਸ਼ਰਧਾਲੂ ਜੋ ਕਿ ਹੋਲੇ ਮਹੱਲੇ 'ਤੇ ਦਰਸ਼ਨਾਂ ਲਈ ਗਏ ਸਨ, ਉਨ੍ਹਾਂ ਦਾ ਵਾਪਸੀ ਮੌਕੇ ਟਰੈਕਟਰ ਟਰਾਲੀ ਹਾਦਸੇ ਦਾ ਸ਼ਿਕਾਰ ਹੋ ਗਿਆ ਜਿਸ ਵਿਚ ਵਾਹਨ ਚਾਲਕ ਨੰਬਰਦਾਰ ਗੋਬਿੰਦ ਸਿੰਘ (55) ਅਤੇ ਧਾਰਾ ਸਿੰਘ (60) ਦੀ ਮੌਤ ਹੋ ਗਈ ਜਦਕਿ 10 ਤੋਂ ਵੱਧ ਸ਼ਰਧਾਲੂ ਜ਼ਖ਼ਮੀ ਹੋ ਗਏ।
ਪ੍ਰਾਪਤ ਜਾਣਕਾਰੀ ਅਨੁਸਾਰ 14 ਮਾਰਚ ਨੂੰ ਪਿੰਡ ਮਾਣੇਵਾਲ ਤੋਂ ਨੰਬਰਦਾਰ ਗੋਬਿੰਦ ਸਿੰਘ ਆਪਣੇ ਟਰੈਕਟਰ ਟਰਾਲੀ ਰਾਹੀਂ ਪਿੰਡ ਦੇ 30 ਤੋਂ ਵੱਧ ਸ਼ਰਧਾਲੂਆਂ ਨੂੰ ਸ੍ਰੀ ਆਨੰਦਪੁਰ ਸਾਹਿਬ ਵਿਖੇ ਹੋਲੇ ਮਹੱਲੇ ਉਤੇ ਮੱਥਾ ਟੇਕਣ ਲਈ ਲੈ ਕੇ ਗਿਆ ਸੀ। ਸਾਰੇ ਸ਼ਰਧਾਲੂ ਬੜੇ ਸ਼ਰਧਾ ਪੂਰਵਕ ਢੰਗ ਨਾਲ ਗੁਰਦੁਆਰਾ ਸਾਹਿਬਾਨਾਂ ਦੇ ਦਰਸ਼ਨ ਕਰ ਹੋਲਾ-ਮਹੱਲਾ ਮਨਾ ਕੇ ਵਾਪਸ ਪਰਤ ਰਹੇ ਸਨ ਕਿ ਦੇਰ ਰਾਤ ਰੋਪੜ ਨੇੜੇ ਇਹ ਟਰੈਕਟਰ ਟਰਾਲੀ ਹਾਦਸੇ ਦਾ ਸ਼ਿਕਾਰ ਹੋ ਗਿਆ।
ਹਲਕੀ ਬਾਰਿਸ਼ ਹੋਣ ਕਾਰਨ ਟਰੈਕਟਰ ਸੰਤੁਲਨ ਗਵਾ ਬੈਠਾ ਅਤੇ ਫੁੱਟਪਾਥ ਉਤੇ ਜਾ ਚੜਿਆ ਜਿਸ ਕਾਰਨ ਟਰੈਕਟਰ ਉਤੇ ਬੈਠੇ ਗੋਬਿੰਦ ਸਿੰਘ ਤੇ ਧਾਰਾ ਸਿੰਘ ਦੀ ਮੌਤ ਹੋ ਗਈ ਜਦਕਿ ਟਰਾਲੀ ਵਿਚ ਬੈਠੇ 10 ਤੋਂ ਵੱਧ ਸ਼ਰਧਾਲੂਆਂ ਦੇ ਸੱਟਾਂ ਲੱਗੀਆਂ। ਇਸ ਹਾਦਸੇ ਤੋਂ ਬਾਅਦ ਪਿੰਡ ਵਿਚ ਸੋਗ ਦੀ ਲਹਿਰ ਫੈਲ ਗਈ ਅਤੇ ਦੇਰ ਰਾਤ ਹੀ ਪਿੰਡ ਵਾਸੀ ਮੌਕੇ ਉਤੇ ਪਹੁੰਚ ਗਏ।

# ਡੇਰਾਬੱਸੀ ਅਦਾਲਤ 'ਚ ਹੱਥਕੜੀ ਸਮੇਤ ਦੋਸ਼ੀ ਪੁਲਿਸ ਹਿਰਾਸਤ ਤੋਂ ਫ਼ਰਾਰ




ਚੰਡੀਗੜ੍ਹ, (ਲੋਕ ਬਾਣੀ):ਡੇਰਾਬੱਸੀ ਅਦਾਲਤ ਵਿਚ ਅੱਜ ਐਨ.ਡੀ.ਪੀ. ਐਸ. ਐਕਟ ਤਹਿਤ ਗ੍ਰਿਫ਼ਤਾਰ ਦੋਸ਼ੀ ਸਾਹਿਲ ਕੁਮਾਰ ਪੁਲਿਸ ਹਿਰਾਸਤ 'ਚੋਂ ਹੱਥਕੜੀ ਸਮੇਤ ਫਰਾਰ ਹੋ ਗਿਆ। ਪੁਲਿਸ ਅਨੁਸਾਰ ਸਾਹਿਲ ਕੁਮਾਰ ਨੂੰ ਥਾਣਾ ਡੇਰਾਬੱਸੀ ਦੇ ਮੁਕੱਦਮਾ ਨੰ: 56 ਅਧੀਨ ਅਦਾਲਤ ਵਿਚ ਪੇਸ਼ ਕੀਤਾ ਗਿਆ ਸੀ। ਪੇਸ਼ੀ ਦੌਰਾਨ, ਮੁਲਜ਼ਮ ਭੀੜ ਦਾ ਫਾਇਦਾ ਚੁੱਕਦੇ ਹੋਏ ਪੁਲਿਸ ਨੂੰ ਚਕਮਾ ਦੇ ਨਜ਼ਰਾਂ ਤੋਂ ਔਝਲ ਹੋ ਗਿਆ। ਪੁਲਿਸ ਪਾਰਟੀ ਉਸ ਦੀ ਤਲਾਸ਼ ਲਈ ਜੁਟੀ ਹੋਈ ਹੈ।

# ਮੋਗਾ ਪੁਲਿਸ ਵੱਲੋਂ ਦਵਿੰਦਰ ਬੰਬੀਹਾ ਗੈਂਗ ਦਾ ਗੁਰਗਾ ਕਾਬੂ, ਇੱਕ 32. ਬੋਰ ਪਿਸਟਲ ਬਰਾਮਦ

ਮੋਗਾ, - ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਨਸ਼ਿਆ, ਲੁੱਟਾਂ ਖੋਹਾਂ ਅਤੇ ਫਿਰੌਤੀ ਮੰਗਣ ਵਾਲੇ ਗਿਰੋਹਾਂ ਨੂੰ ਨੱਥ ਪਾਉਣ ਲਈ ਵਿੱਢੀ ਮੁਹਿੰਮ ਨੂੰ ਸਫਲਤਾ ਹਾਸਲ ਹੋਈ। ਸ਼੍ਰੀ ਬਾਲ ਕ੍ਰਿਸ਼ਨ ਸਿੰਗਲਾ ਐਸ.ਪੀ(ਡੀ) ਮੋਗਾ, ਸ਼੍ਰੀ ਰਮਨਦੀਪ ਸਿੰਘ ਡੀ.ਐੱਸ.ਪੀ ਧਰਮਕੋਟ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਇੰਸਪੈਕਟਰ ਗੁਰਵਿੰਦਰ ਸਿੰਘ ਭੁੱਲਰ ਮੁੱਖ ਅਫਸਰ ਥਾਣਾ ਮਹਿਣਾ ਸਮੇਤ ਪੁਲਿਸ ਪਾਰਟੀ ਚੈਕਿੰਗ ਦੌਰਾਨ ਸ਼ੱਕੀ ਪੁਰਸ਼ਾਂ ਦੇ ਸਬੰਧ ਵਿੱਚ ਪਿੰਡ ਬੁੱਘੀਪੁਰਾ ਤੋ ਬਹੋਨਾ ,ਮਹਿਰੋ ਤੋਂ ਰਾਮੂੰਵਾਲਾ ਕਲਾਂ ਰਾਹੀ ਰਾਮੂੰਵਾਲਾ ਹਰਚੋਕਾ ਨੂੰ ਜਾ ਰਹੇ ਸੀ, ਪੁਲਿਸ ਪਾਰਟੀ ਟੀ ਪੁਆਇੰਟ ਭੱਠਾ ਪਿੰਡ ਮਹਿਰੋਂ ਪਾਸ ਪੁੱਜੀ ਤਾਂ ਮੁਖਬਰ ਖਾਸ ਨੇ ਇਤਲਾਹ ਦਿੱਤੀ ਕਿ ਅਮਨ ਕੁਮਾਰ ਉਰਫ ਅਮਨਾ ਪੁੱਤਰ ਅਸ਼ੋਕ ਕੁਮਾਰ ਵਾਸੀ ਟਿਵਾਨਾ ਕਲਾਂ ਜ਼ਿਲ੍ਹਾ ਫਾਜਿਲਕਾ ਜਿਸਤੇ ਪਹਿਲਾਂ ਵੀ ਲੁੱਟਾਂ ਖੋਹਾਂ, ਫਿਰੌਤੀਆਂ ਦੇ ਪਰਚੇ ਦਰਜ ਹਨ, ਜਿਸਨੇ ਆਪਣੇ ਇੱਕ ਹੋਰ ਸਾਥੀ ਨਾਲ ਮਿਲ ਕੇ ਪਿਛਲੇ ਮਹੀਨੇ ਪਿੰਡ ਡਾਲਾ ਦੇ ਬਲੌਰ ਸਿੰਘ ਪੰਚਾਇਤ ਮੈਬਰ ਦੇ ਘਰ ਦੇ ਗੇਟ ਵਿੱਚ ਫਾਇਰ ਮਾਰੇ ਸਨ, ਇਸ ਵਕਤ ਅਮਨ ਕੁਮਾਰ ਉਰਫ ਅਮਨਾ ਉਕਤ ਪਿੰਡ ਰਾਮੂੰਵਾਲਾ ਹਰਚੋਕ ਨਾਲਾ ਦਾ ਨਾਲ-ਨਾਲ ਪੱਕੀ ਸੜਕ ਰਾਹੀ ਪੈਦ ਤੁਰ ਕੇ ਰਾਮੂੰਵਾਲਾ ਕਲਾਂ ਸਾਈਡ ਨੂੰ ਜਾ ਰਿਹਾ ਹੈ।

ਸ਼੍ਰੀ ਬਾਲ ਕ੍ਰਿਸ਼ਨ ਸਿੰਗਲਾ ਨੇ ਦੱਸਿਆ ਕਿ ਇਸ ਇਤਲਾਹ ਤੇ ਪੁਲਿਸ ਵੱਲੋਂ ਤੁਰੰਤ ਕਾਰਵਾਈ ਕੀਤੀ। ਜਦ ਪੁਲਿਸ ਪਾਰਟੀ ਰਾਮੂੰਵਾਲਾ ਕਲਾਂ ਤੋ ਕਰੀਬ ਇੱਕ ਕਿਲੋਮੀਟਰ ਅੱਗੇ ਪੁੱਜੀ ਤਾਂ ਸਾਹਮਣੇ ਤੋ ਇੱਕ ਮੋਨਾ ਨੌਜਵਾਨ ਜਿਸਨੇ ਚੈੱਕਦਾਰ ਸ਼ਰਟ ਅਤੇ ਜੀਨ ਪਾਈ ਹੋਈ ਸੀ, ਪੁਲਿਸ ਪਾਰਟੀ ਦੀ ਗੱਡੀ ਨੂੰ ਦੇਖ ਕੇ ਆਪਣੇ ਡੱਬ ਵਿੱਚੋ ਪਿਸਟਲ 32 ਬੋਰ ਦੇਸੀ ਕੱਢ ਕੇ ਪਾਣੀ ਵਾਲੀ ਖੇਲ ਦੀ ਆੜ ਲੈ ਕੇ ਪੁਲਿਸ ਪਾਰਟੀ ਵੱਲ ਮਾਰ ਦੇਣ ਦੀ ਨੀਯਤ ਨਾਲ ਸਿੱਧੇ 3 ਫਾਇਰ ਕੀਤੇ ਤਾਂ ਇੰਸਪੈਕਟਰ ਗੁਰਵਿੰਦਰ ਸਿੰਘ ਭੁੱਲਰ ਨੇ ਆਪਣੇ ਬਚਾਓ ਲਈ ਆਪਣੀ ਸਰਕਾਰੀ ਪਿਸਟਲ 9 ਐਮ.ਐਮ. ਨਾਲ 2 ਫਾਇਰ ਕੀਤੇ ਜੋ ਇੱਕ ਫਾਇਰ ਉਕਤ ਨੌਜਵਾਨ ਦੇ ਭੱਜਣ ਦੌਰਾਨ ਸੱਜੀ ਲੱਤ ਦੀ ਪਿੰਜਣੀ ਪਿੱਛੇ ਲੱਗਾ ਤਾਂ ਉਕਤ ਨੌਜਵਾਨ ਸਮੇਤ ਪਿਸਟਲ ਜਮੀਨ ਉੱਪਰ ਡਿੱਗ ਪਿਆ, ਜਿਸਨੂੰ ਪੁਲਿਸ ਪਾਰਟੀ ਦੀ ਮੱਦਦ ਨਾਲ ਕਾਬੂ ਕਰਕੇ ਨਾਮ ਪਤਾ ਪੁੱਛਿਆ, ਉਸਨੇ ਆਪਣਾ ਨਾਮ ਅਮਨ ਕੁਮਾਰ ਉਰਫ ਅਮਨਾ ਪੁੱਤਰ ਅਸ਼ੋਕ ਕੁਮਾਰ ਵਾਸੀ ਟਿਵਾਨਾ ਕਲਾਂ ਜ਼ਿਲ੍ਹਾ ਫਾਜਿਲਕਾ ਦੱਸਿਆ ਫਿਰ ਉਸ ਕੋਲ ਡਿੱਗੇ ਪਏ ਪਿਸਟਲ 32 ਬੋਰ ਦੇਸੀ ਨੂੰ ਚੁੱਕ ਕੇ ਚੈੱਕ ਕੀਤਾ ਤਾਂ ਮੈਗਜੀਨ



ਖਾਲੀ ਸੀ ਅਤੇ ਚੈਂਬਰ ਵਿੱਚੋ ਇੱਕ ਰੌਂਦ ਜਿੰਦਾ 32 ਬੋਰ ਬਰਾਮਦ ਹੋਇਆ। ਫਿਰ ਜਖਮੀ ਅਮਨ ਕੁਮਾਰ ਉਰਫ ਅਮਨਾ ਉਕਤ ਨੂੰ ਇਲਾਜ ਲਈ ਸਿਵਲ ਹਸਪਤਾਲ ਮੋਗਾ ਭੇਜਿਆ, ਜਿਸ ਤੇ ਉਕਤ ਦੋਸ਼ੀ ਖਿਲਾਫ ਮੁਕੱਦਮਾ ਨੰਬਰ ਦਰਜ ਕਰ ਦਿੱਤਾ ਗਿਆ ਹੈ। ਦੋਸ਼ੀ ਨੂੰ ਜਖਮੀ ਹਾਲਤ ਵਿੱਚ ਸਿਵਲ ਹਸਪਤਾਲ,ਮੋਗਾ ਵਿਖੇ ਦਾਖਿਲ ਕਰਵਾਇਆ ਗਿਆ ਜਿਸ ਪਾਸੋਂ ਹੁਣ ਪੁੱਛਗਿੱਛ ਕਰਕੇ ਉਸਦੇ ਸਾਥੀ ਮੈਂਬਰ/ਗਿਰੋਹ ਦਾ ਪਤਾ ਲਗਾ ਕੇ ਅਗਲੇਰੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

# ਹਰਿਆਣਾ ਚ ਮਹਿਲਾਵਾਂ ਨੂੰ ਹਰੇਕ ਮਹੀਨੇ ਮਿਲਣਗੇ 2100 ਰੁਪਏ, ਤੇ$ ਸੈਣੀ ਨੇ 5 ਹਜ਼ਾਰ ਕਰੋੜ ਦਾ ਬਜਟ ਰੱਖਿਆ



ਸੋਨੀਪਤ- ਹਰਿਆਣਾ ਵਿਧਾਨ ਸਭਾ ਵਿੱਚ ਸਰਕਾਰ ਨੇ ਔਰਤਾਂ ਨੂੰ ਹਰ ਮਹੀਨੇ 2100 ਰੁਪਏ ਦੇਣ ਦਾ ਐਲਾਨ ਕੀਤਾ ਹੈ। ਇਸ ਦੇ ਲਈ ਸੀਐਮ ਨਾਇਬ ਸੈਣੀ ਨੇ 5 ਹਜ਼ਾਰ ਕਰੋੜ ਰੁਪਏ ਦਾ ਬਜਟ ਰੱਖਿਆ ਹੈ। ਉਨ੍ਹਾਂ ਬਜਟ ਪੇਸ਼ ਕਰਦਿਆਂ ਇਸ ਬਾਰੇ ਜਾਣਕਾਰੀ ਦਿੱਤੀ।ਦੱਸਣਯੋਗ ਹੈ ਕਿ ਸਰਕਾਰ ਸੂਬੇ ਚ ਚੋਣਾਂ ਦੌਰਾਨ ਕੀਤੇ ਵਾਅਦੇ ਮੁਤਾਬਕ 2100 ਰੁਪਏ ਦੇਣ ਜਾ ਰਹੀ ਹੈ। ਜਿਸ ਨੂੰ ਬਜਟ ਪੇਸ਼ ਹੋਣ ਤੋਂ ਬਾਅਦ ਪ੍ਰਵਾਨਗੀ ਦਿੱਤੀ ਗਈ ਹੈ।

# ਅੰਮ੍ਰਿਤਸਰ ਦੀ ਪੁਲਿਸ ਦੇ ਹੱਥੀ ਚੜਿਆ ਨਸ਼ਾ ਤਸਕਰ, 8 ਕਿਲੋ ਹੈਰੋਇਨ ਦੇ ਨਾਲ ਕੀਤਾ ਕਾਬੂ

ਅੰਮ੍ਰਿਤਸਰ- ਜਿੱਥੇ ਇੱਕ ਪਾਸੇ ਪੰਜਾਬ ਸਰਕਾਰ ਵੱਲੋਂ ਨਸ਼ੇ ਵਿਰੁੱਧ ਯੰਗ ਛੇੜੀ ਹੋਈ ਹੈ ਉਹ ਤੇ ਹੀ ਦੂਸਰੇ ਪਾਸੇ ਪੰਜਾਬ ਪੁਲਿਸ ਵੱਲੋਂ ਵੀ ਵੱਡੀ ਕਾਰਵਾਈ ਕੀਤੀ ਜਾ ਰਹੀ ਹੈ ਅਤੇ ਇਸ ਕਾਰਵਾਈ ਦੇ ਦੌਰਾਨ ਅੱਠ ਕਿਲੋ ਗ੍ਰਾਮ ਹੈਰੋਇਨ 30 ਬੋਰ ਦਾ ਪਿਸਟਲ ਇੱਕ ਕਰੇਟਾ ਗੱਡੀ ਪੁਲਿਸ ਵੱਲੋਂ ਬਰਾਮਦ ਕੀਤੀ ਗਈ ਹੈ ਇਹ ਬਰਾਮਦਗੀ ਅੰਮ੍ਰਿਤਸਰ ਦੇ ਮਜੀਠਾ ਰੋਡ ਤੋਂ ਮੈਂਟਲ ਹਸਪਤਾਲ ਦੇ ਨਜ਼ਦੀਕ ਪੁਲਿਸ ਵੱਲੋਂ ਗੁਪਤ ਸੂਚਨਾ ਦੇ ਆਧਾਰ ਤੇ ਕੀਤੀ ਗਈ ਹੈ ਜਿਸ ਤੋਂ ਬਾਅਦ ਅੰਮ੍ਰਿਤਸਰ ਦੇ ਪੁਲਿਸ ਕਮਿਸ਼ਨਰ ਸਰਦਾਰ ਗੁਰਪ੍ਰੀਤ ਸਿੰਘ ਭੁੱਲਰ ਵੱਲੋਂ ਪੱਤਰਕਾਰ ਨਾਲ ਗੱਲਬਾਤ ਕਰਦੇ ਹੋਏ ਕਿਹਾ ਗਿਆ ਕਿ ਯੁੱਧ ਨਸ਼ੇ ਵਿਰੁੱਧ ਚਹਿਤ ਇਹ ਕਾਰਵਾਈ ਕੀਤੀ ਜਾ ਰਹੀ ਹੈ ਅਤੇ ਲਗਾਤਾਰ ਹੀ ਬਹੁਤ ਸਾਰੀ ਸਫਲਤਾ ਵੀ ਮਿਲਦੀ ਹੋਈ ਪੰਜਾਬ ਪੁਲਿਸ ਨੂੰ ਨਜ਼ਰ ਆ ਰਹੀ ਹੈ। ਉਥੇ ਉਹਨਾਂ ਨੇ ਕਿਹਾ ਕਿ ਕੱਲ ਪੰਜਾਬ ਦੀ ਡੀਜੀ ਬਾਰਡਰ ਤੇ ਪਹੁੰਚਣਗੇ ਅਤੇ ਐਂਟੀ ਡਰੋਨ ਐਕਟੀਵਿਟੀ ਨੂੰ ਸ਼ੁਰੂ ਕਰਨਗੇ ਜਿਸ ਨਾਲ ਡਰੋਨ ਦੀ ਗਤੀਵਿਧੀ ਚ ਜਰੂਰ ਕੋਈ ਨਾ ਕੋਈ ਵੱਡਾ ਫਰਕ ਨਜ਼ਰ ਆਵੇਗਾ।

ਗਵਾਂਡੀ ਦੇਸ਼ ਪਾਕਿਸਤਾਨ ਆਪਣੀਆਂ ਨਕਾਮ ਹਰਕਤਾਂ ਤੋਂ ਬਾਜ਼ ਨਹੀਂ ਆ ਰਿਹਾ ਜਿਸ ਦੇ ਚਲਦਿਆਂ ਉਹਨਾਂ ਵੱਲੋਂ ਪੰਜਾਬ ਦੇ ਬਾਰਡਰ ਰਾਸਤੇ ਭਾਰੀ ਮਾਤਰਾ ਚ ਹੈਰੋਇਨ ਭੇਜੀ ਜਾ ਰਹੀ ਹੈ ਅਤੇ ਪੰਜਾਬ ਦੇ ਰਸਤੇ ਪੰਜਾਬ ਦੇ ਨੌਜਵਾਨਾ ਨੂੰ ਨਸ਼ਾ ਸਪਲਾਈ ਕਰਨ ਲਈ ਕਿਹਾ ਜਾ ਰਿਹਾ ਹੈ। ਉੱਥੇ ਹੀ ਅੱਜ ਅੰਮ੍ਰਿਤਸਰ ਦੀ ਪੁਲਿਸ ਨੂੰ ਉਸ ਵੇਲੇ ਵੱਡੀ ਸਫਲਤਾ ਹਾਸਲ ਹੋਈ ਜਦੋਂ ਉਹਨਾਂ ਵੱਲੋਂ ਅਠ ਕਿਲੋ ਹੈਰੋਇਨ 30 ਬੋਰ ਦਾ ਪਿਸਟਲ ਇੱਕ ਕਰੇਟਾ ਗੱਡੀ ਪੁਲਿਸ ਵੱਲੋਂ ਅੰਮ੍ਰਿਤਸਰ ਦੇ ਮਜੀਠਾ ਰੋਡ ਤੋਂ ਗੁਪਤ ਸੂਚਨਾ ਦੇ ਆਧਾਰ ਤੇ ਟਰੇਸ ਕੀਤੀ ਗਈ ਜਿਸ ਤੋਂ ਬਾਅਦ ਅੰਮ੍ਰਿਤਸਰ ਦੇ ਪੁਲਿਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਉਹਨਾਂ ਵੱਲੋਂ ਅਤੇ ਉਹਨਾਂ ਦੀ ਟੀਮ ਵੱਲੋਂ ਗੁਪਤ ਸੂਚਨਾ ਦੇ ਅਧਾਰ ਤੇ ਧਰਮਿੰਦਰ ਸਿੰਘ ਨੂੰ ਗ੍ਰਿਫਤਾਰ ਕੀਤਾ ਗਿਆ ਹੈ ਅਤੇ ਇਸ ਦਾ ਇੱਕ ਸਾਥੀ ਜਿਸਦਾ ਨਾਮ ਪ੍ਰਦੀਪ ਹੈ ਉਹ ਹਜੇ ਪੁਲਿਸ ਦੀ ਗ੍ਰਿਫਤ ਚੋਂ ਬਾਹਰ ਹੈ ਉਹਨਾਂ ਨੇ ਕਿਹਾ ਕਿ ਪ੍ਰਦੀਪ ਕੋਲੋਂ ਵੀ ਭਾਰੀ ਮਾਤਰਾ ਚ ਹੈਰੋਇਨ ਬਰਾਮਦ ਹੋ ਸਕਦੀ ਸੀ ਲੇਕਿਨ ਉਸ ਵੱਲੋਂ ਉਹ ਭੱਜਣ ਲਈ ਵਿੱਚ ਕਾਮਯਾਬ ਰਿਹਾ। ਉਹਨਾਂ ਨੇ ਅੱਗੇ ਬੋਲਦੇ ਹੋਏ ਕਿਹਾ ਕਿ ਜੋ ਪਿਸਤੌਲ ਧਰਮਿੰਦਰ ਕੋਲੋਂ ਬਰਾਮਦ ਕੀਤੀ ਗਈ ਹੈ ਉਹ ਲਾਈਸੈਂਸੀ ਹੈ ਅਤੇ ਇਹ ਲਾਈਸੈਂਸ ਕਿਸ ਨੇ ਬਣਾਇਆ ਹੈ ਅਤੇ ਕਿਸ ਵਜਹਾ ਕਰਕੇ ਬਣਾਇਆ ਗਿਆ ਹੈ ਇਸ ਦੀ ਵੀ ਜਾਂਚ ਕੀਤੀ ਜਾਵੇਗੀ ਉਥੇ ਉਹਨਾਂ ਨੇ



ਅੱਗੇ ਬੋਲਦੇ ਹੋਏ ਕਿਹਾ ਕਿ ਪੰਜਾਬ ਦੇ ਡੀਜੀ ਕੱਲ ਬਾਰਡਰ ਤੇ ਆ ਰਹੇ ਹਨ ਅਤੇ ਉਹਨਾਂ ਵੱਲੋਂ ਐਂਟੀ ਡਰੋਨ ਐਕਟੀਵਿਟੀ ਨੂੰ ਸ਼ੁਰੂ ਕੀਤਾ ਜਾ ਰਿਹਾ ਹੈ। ਇਸ ਨਾਲ ਡਰੋਨ ਦੀਆਂ ਐਕਟੀਵਿਟੀਜ਼ ਕਾਫੀ ਘੱਟ ਜਾਣਗੀਆਂ ਉਹਨਾਂ ਨੇ ਅੱਗੇ ਬੋਲਦੇ ਹੋਏ ਕਿਹਾ ਕਿ 2000 ਦੇ ਕਰੀਬ ਹੋਰ ਨਫਰੀ ਵੀ ਪੰਜਾਬ ਪੁਲਿਸ ਦੀ ਬਾਰਡਰ ਤੇ ਲਗਾਈ ਜਾ ਰਹੀ ਹੈ ਜਿਸ ਨਾਲ ਉਹਨਾਂ ਦੇ ਅਤੇ ਉਹਨਾਂ ਦੇ ਸਹਿਯੋਗੀਆਂ ਦੇ ਨਾਲ ਕਾਫੀ ਤਾਲਮੇਲ ਵਧੇਗਾ ਅਤੇ ਉਹਨਾਂ ਨੇ ਕਿਹਾ ਕਿ ਪੰਜਾਬ ਦੇ ਵਿੱਚ ਨਸ਼ੇ ਨੂੰ ਪੂਰੀ ਤਰ੍ਹਾਂ ਨਾਲ ਖਤਮ ਕਰਨ ਵਾਸਤੇ ਅਸੀਂ ਪੂਰਾ ਜ਼ੋਰ ਲਗਾ ਰਹੇ ਹਾਂ ਉਥੇ ਉਹਨਾਂ ਨੇ ਕਿਹਾ ਕਿ ਧਰਮਿੰਦਰ ਸਿੰਘ ਦੀ ਪ੍ਰੋਪਰਟੀ ਨੂੰ ਅਸੀਂ ਐਨਡੀਪੀਸੀ ਐਕਟ ਦੇ ਤਹਿਤ ਅਟੈਚ ਕਰਾਂਗੇ ਅਤੇ ਜੋ ਵੀ ਇਸ ਨੂੰ ਲੈ ਕੇ ਪ੍ਰੋਸੀਜਰ ਬਣਿਆ ਹੈ ਉਸ ਨੂੰ ਅਪਣਾਇਆ ਜਾਵੇਗਾ। ਅਤੇ ਜੇਕਰ ਜਰੂਰਤ ਪਈ ਤਾਂ ਉਸ ਦੇ ਘਰ ਨੂੰ ਵੀ ਡਿਮੋਲਿਸ਼ ਕੀਤਾ ਜਾਵੇਗਾ ।

# ਕੀ ਸੁਖਬੀਰ ਬਾਦਲ ਦਾ ਹੁਕਮ ਮੰਨਿਆ ਧਾਮੀ ਨੇ ? ਦੁਬਾਰਾ ਸੰਭਾਲਣਗੇ SGPC ਪ੍ਰਧਾਨ ਦਾ ਅਹੁਦਾ



ਅੰਮ੍ਰਿਤਸਰ-(ਲੋਕ ਬਾਣੀ): ਪਿਛਲੇ ਕਾਫੀ ਦਿਨਾਂ ਤੋਂ ਚੱਲ ਰਹੇ ਹਰਜਿੰਦਰ ਸਿੰਘ ਧਾਮੀ ਦੇ ਅਸਤੀਫੇ ਨੂੰ ਲੈ ਕੇ ਬੀਤੇ ਦਿਨੀ ਅੰਤ੍ਰਿੰਗ ਕਮੇਟੀ ਦੇ ਮੈਂਬਰ ਐਡਵੋਕੇਟ ਧਾਮੀ ਦੇ ਘਰ ਪਹੁੰਚੇ ਸਨ ਅਤੇ ਉਨਾਂ ਦਾ ਅਸਤੀਫਾ ਨਾ ਮਨਜ਼ੂਰ ਖਾਰਜ ਕਰ ਦਿੱਤਾ ਗਿਆ ਸੀ ਜੀ ਸੁਪਰੰਤ ਅੱਜ ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਉਪ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ ਹਰਜਿੰਦਰ ਸਿੰਘ ਧਾਮੀ ਦੇ ਘਰ ਪਹੁੰਚੇ ਇਸ ਮੌਕੇ ਉਹਨਾਂ ਨਾਲ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਬਲਵਿੰਦਰ ਸਿੰਘ ਭੂੰਦੜ ਵੀ ਨਾਲ ਸਨ ਪ੍ਰੈਸ ਨਾਲ ਗੱਲਬਾਤ ਕਰਦੇ ਹੋਏ ਉਹਨਾਂ ਕਿਹਾ ਕਿ ਹਰਜਿੰਦਰ ਸਿੰਘ ਧਾਮੀ ਦੀ ਪੰਥ ਨੂੰ ਬਹੁਤ ਹੀ ਲੋੜ ਹੈ ਜਿਸ ਉਹਨਾਂ ਨੇ ਇਸ ਦੀ ਸੇਵਾ ਸੰਭਾਲਣ ਦੀ ਗੱਲ ਕੀਤੀ ਹੈ। ਇਸ ਮੌਕੇ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਉਹ ਦੋ ਤਿੰਨ ਦਿਨ ਵਿੱਚ ਆਪਣਾ ਉਸਦਾ ਵਾਪਸ ਸੰਭਾਲ ਲੈਣਗੇ. ਪ੍ਰੈਸ ਨਾਲ ਗੱਲਬਾਤ ਕਰਦੇ ਹੋਏ ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਧਾਮੀ ਇੱਕ ਇਮਾਨਦਾਰ ਅਤੇ ਵਫਾਦਾਰ ਪੰਥ ਦੇ ਸਿਪਾਹੀ ਹਨ ਜਿਨਾਂ ਦੀ ਪੰਥ ਨੂੰ ਸਭ ਤੋਂ ਵੱਡੀ ਲੋੜ ਹੈ।

# 3000 ਰੁਪਏ ਰਿਸ਼ਵਤ ਲੈਣ ਦੇ ਦੋਸ਼ ਹੇਠ ਏ.ਐਸ.ਆਈ. ਵਿਜੀਲੈਂਸ ਬਿਊਰੋ ਵੱਲੋਂ ਗ੍ਰਿਫ਼ਤਾਰ



ਫ਼ਗਵਾੜਾ-ਅੰਮ੍ਰਿਤਸਰ (ਸੁਸ਼ੀਲ ਸ਼ਰਮਾ) ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਵਿੱਢੀ ਮੁਹਿੰਮ ਦੌਰਾਨ ਅੱਜ ਅੰਮ੍ਰਿਤਸਰ ਜ਼ਿਲ੍ਹੇ ਦੇ ਥਾਣਾ ਵੇਰਕਾ ਵਿਖੇ ਤਾਇਨਾਤ ਸਹਾਇਕ ਸਬ-ਇੰਸਪੈਕਟਰ (ਏ.ਐਸ.ਆਈ.) ਸਰਬਜੀਤ ਸਿੰਘ ਜੋ ਮੌਜੂਦਾ ਸਮੇਂ ਥਾਣਾ ਇਸਲਾਮਾਬਾਦ ਵਿਖੇ ਤਾਇਨਾਤ ਹੈ, ਨੂੰ 3,000 ਰੁਪਏ ਰਿਸ਼ਵਤ ਮੰਗਣ ਅਤੇ ਲੈਣ ਦੇ ਦੋਸ਼ ਹੇਠ ਗ੍ਰਿਫ਼ਤਾਰ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਇਹ ਗ੍ਰਿਫ਼ਤਾਰੀ ਗੁਰਦਾਸਪੁਰ ਜ਼ਿਲ੍ਹੇ ਦੇ ਪਿੰਡ ਗਿਲਾਂਵਾਲੀ, ਤਹਿਸੀਲ ਬਟਾਲਾ ਦੇ ਵਸਨੀਕ ਵੱਲੋਂ ਮੁੱਖ ਮੰਤਰੀ ਦੀ ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ ਤੇ ਦਰਜ ਕਰਵਾਈ ਗਈ ਆਨਲਾਈਨ ਸ਼ਿਕਾਇਤ ਦੀ ਪੜਤਾਲ ਉਪਰੰਤ ਕੀਤੀ ਗਈ ਹੈ।

ਉਨ੍ਹਾਂ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਦੋਸ਼ ਲਗਾਇਆ ਹੈ ਕਿ ਉਸਦੇ ਖਿਲਾਫ ਥਾਣਾ ਵੇਰਕਾ ਵਿਖੇ ਇੱਕ ਐਫ.ਆਈ.ਆਰ. ਦਰਜ ਕੀਤੀ ਗਈ ਸੀ, ਜਿਸ ਵਿੱਚ ਏ.ਐਸ.ਆਈ. ਸਰਬਜੀਤ ਸਿੰਘ ਤਫਤੀਸ਼ੀ ਅਫਸਰ (ਆਈ.ਓ.) ਸੀ।

ਸ਼ਿਕਾਇਤਕਰਤਾ ਨੇ ਦੱਸਿਆ ਕਿ ਇਸ ਕੇਸ ਵਿੱਚ ਜ਼ਬਤ ਕੀਤੀ ਗਈ ਉਸਦੀ ਕਾਰ ਦੀ ਸਪੁਰਦਾਰੀ ਦੇਣ ਬਦਲੇ ਉਕਤ ਏ.ਐਸ.ਆਈ. ਨੇ ਉਸ ਕੋਲੋਂ 3,000 ਰੁਪਏ ਰਿਸ਼ਵਤ ਮੰਗੀ ਸੀ।

ਬੁਲਾਰੇ ਨੇ ਅੱਗੇ ਦੱਸਿਆ ਕਿ ਸ਼ਿਕਾਇਤ ਅਤੇ ਸਬੂਤਾਂ ਦੀ ਡੂੰਘਾਈ ਨਾਲ ਜਾਂਚ ਦੌਰਾਨ ਇਸ ਗੱਲ ਦੀ ਪੁਸ਼ਟੀ ਹੋਈ ਹੈ ਕਿ ਦੋਸ਼ੀ ਨੇ ਰਿਸ਼ਵਤ ਲਈ ਸੀ। ਇਸ ਸਬੰਧੀ ਉਕਤ ਪੁਲਿਸ ਮੁਲਾਜ਼ਮ ਵਿਰੁੱਧ ਵਿਜੀਲੈਂਸ ਬਿਊਰੋ ਦੇ ਥਾਣਾ ਅੰਮ੍ਰਿਤਸਰ ਰੇਂਜ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਕੇਸ ਦਰਜ ਕੀਤਾ ਗਿਆ ਹੈ। ਉਨ੍ਹਾਂ ਅੱਗੇ ਦੱਸਿਆ ਕਿ ਮੁਲਜ਼ਮ ਨੂੰ ਭਲਕੇ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ ਅਤੇ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

# ਕਬੱਡੀ ਟੂਰਨਾਮੈਂਟ ਦਾ ਆਯੋਜਨ



ਮਾਨਸਾ -- ਗ੍ਰਾਮ ਪੰਚਾਇਤ ਪਿੰਡ ਬੁਰਜ ਰਾਠੀ ਜਿਲਾ ਮਾਨਸਾ ਦੇ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਸੰਤ ਬਾਬਾ ਨਿਰਮਲ ਦਾਸ ਜੀ ਅਤੇ ਸੰਤ ਬਾਬਾ ਲੱਖਾ ਦਾਸ ਜੀ ਦੀ ਯਾਦ ਵਿੱਚ ਸਰਪੰਚ ਦਰਸ਼ਨ ਸਿੰਘ ਖਾਲਸਾ ਦੀ ਦੇਖ ਰੇਖ ਹੇਠ ਟੂਰਨਾਮੈਂਟ ਪ੍ਰਬੰਧਕ ਕਮੇਟੀ ਵਲੋਂ ਦੂਸਰੇ ਕੱਬਡੀ ਟੂਰਨਾਮੈਂਟ ਦਾ ਆਯੋਜਨ ਕੀਤਾ ਗਿਆ। ਇਸ ਟੂਰਨਾਮੈਂਟ ਵਿਚ ਓਪਨ, 72 ਕਿਲੋ, 60 ਕਿਲੋ ਅਤੇ 35 ਕਿਲੋ ਦੇ ਮੁਕਾਬਲੇ ਕਰਵਾਏ ਗਏ।

ਟੂਰਨਾਮੈਂਟ ਵਿਚ ਵਿਸ਼ੇਸ਼ ਤੌਰ ਤੇ ਪਹੁੰਚੇ ਪਹਿਲਵਾਨ ਸੰਦੀਪ ਸਿੰਘ ਮਾਨ ਜਿਹਨਾਂ ਨੇ ਵਰਲਡ ਕਪ ਵਿਚ ਕਾਂਸੀ ਦਾ ਤਮਗਾ, ਰਾਸ਼ਟਰੀ ਚੈਂਪੀਨਸ਼ਿਪ ਵਿਚ 8 ਸੋਨੇ ਦੇ, 3 ਕਾਂਸੀ ਅਤੇ 5 ਚਾਂਦੀ ਦੇ ਤਮਗੇ ਜਿੱਤ ਕੇ ਪਿੰਡ ਦਾ ਨਾਮ ਰੋਸ਼ਨ ਕੀਤਾ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ। ਇਸ ਟੂਰਨਾਮੈਂਟ ਵਿਚ ਡੇਰਾ ਸੰਤ ਬਾਬਾ ਨਿਰਮਲ ਦਾਸ ਸਪੋਰਟਸ ਕਲੱਬ, ਡਾ ਬੀ ਆਰ ਅੰਬੇਡਕਰ ਚੇਤਨਾ ਮੰਚ (ਰਜਿ) ਬੁਰਜ ਰਾਠੀ, ਕਿਸਾਨ ਯੂਨੀਅਨ ਡਕੌਂਦਾ, ਕਿਸਾਨ ਯੂਨੀਅਨ ਸਿੱਧੂਪੁਰ, ਕਿਸਾਨ ਯੂਨੀਅਨ ਧਨੇਰ, ਕਿਸਾਨ ਯੂਨੀਅਨ ਉਗਰਾਹਾਂ ਨੇ ਵਿਸ਼ੇਸ਼ ਸਹਿਯੋਗ ਦਿੱਤਾ। ਇਸ ਤੋਂ ਇਲਾਵਾ ਕੁੜੀਆਂ ਦਾ ਸ਼ੋਅ ਮੈਚ ਕਰਵਾਇਆ ਗਿਆ। ਟੂਰਨਾਮੈਂਟ ਸਫਲਤਾ ਪੂਰਵਕ ਨੇਪਰੇ ਚਾੜਨ ਤੋਂ ਬਾਅਦ ਅਗਲੇ ਸਾਲ ਤੀਸਰਾ ਟੂਰਨਾਮੈਂਟ ਕਰਵਾਉਣ ਸਬੰਧੀ ਵੀ ਐਲਾਨ ਕੀਤਾ ਗਿਆ। ਟੂਰਨਾਮੈਂਟ ਵਿਚ ਜੇਤੂ ਟੀਮਾਂ ਨੂੰ ਟ੍ਰਾਫਿਆਂ ਦੇ ਕੇ ਸਨਮਾਨਿਤ ਕੀਤਾ ਗਿਆ।

# ਦਵਿਆਂਸ਼ ਗਾਡੇ ਨੂੰ ਸੱਤਵੀਂ ਕਲਾਸ ਵਿਚੋਂ ਅੱਵਲ ਆਉਣ ਤੇ ਸਰਬ ਸ਼ਕਤੀ ਸੈਨਾ ਫਗਵਾੜਾ ਵਲੋਂ ਮੂੰਹ ਮਿੱਠਾ ਕਰਵਾ ਕੀਤਾ ਗਿਆ ਸਨਮਾਨਿਤ



ਫਗਵਾੜਾ ( ਸੁਸ਼ੀਲ ਸ਼ਰਮਾ ) ਸਰਬ ਸ਼ਕਤੀ ਸੈਨਾ ਫਗਵਾੜਾ ਵਲੋ ਦਵਿਆਂਸ਼ ਗਾਡੇ ਜੋ ਕਿ ਸੰਤ ਸਾਈ ਰਾਮ ਸਨਰਾਈਜ ਪਬਲਿਕ ਸਕੂਲ ਬਸੰਤ ਬਾਗ ਹਰੀਆਬਾਦ ਰੋਡ ਵਿਖੇ ਪੜ੍ਹ ਰਿਹਾ ਹੈ ਅਤੇ ਸੱਤਵੀਂ ਕਲਾਸ ਵਿੱਚੋਂ 650 ਦੇ ਵਿੱਚੋਂ 620 ਨੰਬਰ ਲੈ ਕੇ ਪਹਿਲੇ ਨੰਬਰ ਤੇ ਪਰਸੈਂਟ ਏਜ 95% ਪੁਆਇੰਟ ਥਰੀ ਪਰਸ ਨੰਬਰ ਲੈ ਕੇ ਪਹਿਲੇ ਸਥਾਨ ਤੇ ਆਇਆ ਹੈ ਨੂੰ ਸਰਬ ਸ਼ਕਤੀ ਸੈਨਾ ਦੇ ਪ੍ਰਧਾਨ ਸੰਤੋਖ ਸਿੰਘ ਸੋਖਾ, ਰਾਜ ਕੁਮਾਰ ਰਾਜੂ ਸੱਕਤਰ , ਰਾਜਿੰਦਰ ਸ਼ਰਮਾ ,ਕਮਲਜੀਤ ਸਿੰਘ ਬੱਬੂ , ਜਗਤਾਰ ਸਿੰਘ ਆਦਿ ਨੇ ਮੂੰਹ ਮਿੱਠਾ ਕਰਵਾ ਸਨਮਾਨਿਤ ਕੀਤਾ

# ਸਹਾਇਕ ਕਮਿਸ਼ਨਰ ਨੇ ਸਵਾਮੀ ਵਿਵੇਕਾਨੰਦਕ ਨਸ਼ਾ ਛੁਡਾਓ ਕੇਂਦਰ ਦਾ ਕੀਤਾ ਦੌਰਾ



ਫ਼ਗਵਾੜਾ-ਅੰਮ੍ਰਿਤਸਰ (ਸੁਸ਼ੀਲ ਸ਼ਰਮਾ) ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਯੁੱਧ ਨਸ਼ਿਆ ਵਿਰੁੱਧ ਮੁਹਿੰਮ ਤਹਿਤ ਅੱਜ ਸਹਾਇਕ ਕਮਿਸ਼ਨਰ ਗੁਰਸਿਮਰਨਜੀਤ ਕੌਰ ਨੇ ਸਵਾਮੀ ਵਿਵੇਕਾਨੰਦ ਨਸ਼ਾ ਛੁਡਾਓ ਕੇਂਦਰ ਦਾ ਦੌਰਾ ਕੀਤਾ ਅਤੇ ਮਰੀਜਾਂ ਨੂੰ ਮਿਲ ਰਹੀਆਂ ਸਹੂਲਤਾਂ ਦਾ ਜਾਇਜਾ ਲਿਆ। ਇਸ ਮੌਕੇ ਉਨ੍ਹਾਂ ਨੇ ਨਸ਼ਾ ਛੁਡਾਓ ਕੇਂਦਰ ਵਿੱਚ ਦਾਖਲ ਮਰੀਜਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨਾਲ ਮੁਲਾਕਾਤ ਕੀਤੀ ਤੇ ਉਨ੍ਹਾਂ ਦੀਆਂ ਮੁਸ਼ਕਲਾਂ ਨੂੰ ਸੁਣਿਆ।

ਸਹਾਇਕ ਕਮਿਸ਼ਨ ਨੇ ਦੱਸਿਆ ਕਿ ਨਸ਼ਾ ਛੁਡਾਓ ਕੇਂਦਰਾਂ ਵਿੱਚ ਸਾਰੇ ਮਰੀਜਾਂ ਦਾ ਸਰਕਾਰ ਵੱਲੋਂ ਮੁਫਤ ਇਲਾਜ ਕੀਤਾ ਜਾਂਦਾ ਹੈ ਅਤੇ ਮੁਫਤ ਦਵਾਈ, ਖਾਣਾ/ਪੀਣਾ ਵੀ ਮੁਫਤ ਹੈ। ਉਨ੍ਹਾਂ ਨੇ ਅੰਮ੍ਰਿਤਸਰ ਜ਼ਿਲ੍ਹੇ ਵਿੱਚੋਂ ਨਸ਼ੇ ਦੇ ਖਾਤਮੇ ਲਈ ਜ਼ਿਲ੍ਹੇ ਵਿੱਚ ਚੱਲਦੇ ਸਵਾਮੀ ਵਿਵੇਕਾਨੰਦ ਨਸ਼ਾ ਛਡਾਉ ਕੇਂਦਰ ਅਤੇ ਮੁੜ ਵਸੇਬਾ ਕੇਂਦਰ ਦੇ ਪ੍ਰਬੰਧਕਾਂ ਨੂੰ ਸਪਸ਼ਟ ਕੀਤਾ ਕਿ ਇਹਨਾਂ ਸਥਾਨਾਂ ਉੱਤੇ ਦਵਾਈਆਂ ਅਤੇ ਰੋਗੀ ਨੂੰ ਦਿੱਤੀਆਂ ਜਾਣ ਵਾਲੀਆਂ ਹੋਰ ਸਹੂਲਤਾਂ ਦੀ ਕੋਈ ਘਾਟ ਨਹੀਂ ਰਹਿਣੀ ਚਾਹੀਦੀ। ਉਹਨਾਂ ਪ੍ਰਬੰਧਕਾਂ ਨੂੰ ਸੱਦਾ ਦਿੱਤਾ ਕਿ ਇਸ ਨੇਕ ਕੰਮ ਲਈ ਉਹ ਹਰ ਵੇਲੇ ਹਾਜ਼ਰ ਹਨ ਅਤੇ ਜਦੋਂ ਵੀ ਕੋਈ ਮੁਸ਼ਕਿਲ ਆਉਂਦੀ ਹੈ ਤਾਂ ਉਹ ਤੁਰੰਤ ਮੇਰੇ ਨਾਲ ਸੰਪਰਕ ਕਰਨ । ਉਹਨਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਹਨਾਂ ਕੇਂਦਰਾਂ ਵਿੱਚ ਪਹੁੰਚਣ ਅਤੇ ਆਪਣਾ ਇਲਾਜ ਕਰਵਾਉਣ। ਸਹਾਇਕ ਕਮਿਸ਼ਨਰ ਨੇ ਕਿਹਾ ਕਿ ਨਸ਼ਾ ਇੱਕ ਰੋਗ ਹੈ ਅਤੇ ਇਸ ਦਾ ਇਲਾਜ ਸੰਭਵ ਹੈ। ਉਹਨਾਂ ਦੱਸਿਆ ਕਿ ਇੰਨਾ ਕੇਂਦਰਾਂ ਵਿੱਚ ਦਵਾਈਆਂ ਤੋਂ ਇਲਾਵਾ ਮਰੀਜ਼ ਦਾ ਖਾਣਾ ਬਿਲਕੁਲ ਮੁਫਤ ਦਿੱਤਾ ਜਾਂਦਾ ਹੈ। ਇਸ ਤੋਂ ਇਲਾਵਾ ਮਰੀਜ਼ ਨੂੰ ਨਸ਼ਾ ਛੱਡਣ ਉਪਰੰਤ ਆਪਣੇ ਪੈਰਾਂ ਸਿਰ ਖੜਾ ਕਰਨ ਲਈ ਉਸ ਨੂੰ ਹੁਨਰਮੰਦ ਸਿੱਖਿਆ ਵੀ ਦਿੱਤੀ ਜਾਂਦੀ ਹੈ ਤਾਂ ਜੋ ਉਹ ਨਸ਼ਾ ਛੱਡਣ ਮਗਰੋਂ ਕੰਮ ਕਰਕੇ ਇੱਜਤ ਨਾਲ ਰੋਟੀ ਕਮਾ ਸਕੇ। ਦੱਸਣਯੋਗ ਹੈ ਕਿ ਉਕਤ ਕੇਂਦਰ ਵਿੱਚ ਮਰੀਜ਼ਾਂ ਦੀ ਸਹੂਲਤ ਲਈ ਖੇਡਾਂ, ਮਨੋਰੰਜਨ ਦੇ ਸਾਧਨ, ਮਰੀਜ਼ ਨੂੰ ਮਾਨਸਿਕ ਤੌਰ ਉੱਤੇ ਸਹਾਇਤਾ ਦੇਣ ਲਈ ਮਨੋਰੋਗੀਆਂ ਦੀਆਂ ਸੇਵਾਵਾਂ ਵੀ ਲਈਆਂ ਜਾਂਦੀਆਂ ਹਨ।

ਸਹਾਇਕ ਕਮਿਸ਼ਨਰ ਨੇ ਦੱਸਿਆ ਕਿ ਨਸ਼ਾ ਛੱਡਣ ਵਾਲਾ ਰੋਗੀ ਜਾਂ ਉਸਦਾ ਰਿਸ਼ਤੇਦਾਰ ਮਿੱਤਰ ਆਦਿ ਇਸ ਸਬੰਧੀ ਕਿਸੇ ਵੀ ਤਰ੍ਹਾਂ ਦੀ ਪੁੱਛਗਿੱਛ ਅਤੇ ਸਹਾਇਤਾ ਲਈ ਫੋਨ ਨੰਬਰ 1800 137 6754 ਉੱਪਰ ਸੰਪਰਕ ਕਰ ਸਕਦਾ ਹੈ ਜੋ ਕਿ 24 ਘੰਟੇ ਚਾਲੂ ਰਹਿੰਦਾ ਹੈ। ਉਹਨਾਂ ਦੱਸਿਆ ਕਿ ਹੁਣ ਤੱਕ ਇਸ ਫੋਨ ਲਾਈਨ ਤੋਂ ਬਹੁਤ ਸਾਰੇ ਲੋਕ ਸਹੂਲਤ ਅਤੇ ਜਾਣਕਾਰੀ ਲੈ ਚੁੱਕੇ ਹਨ, ਸੋ ਬਿਨਾਂ ਝਿਜਕ ਤੁਸੀਂ ਵੀ ਆਪਣੇ ਕਿਸੇ ਸੱਜਣ, ਸਨੇਹੀ ਜਾਂ ਰਿਸ਼ਤੇਦਾਰ ਨੂੰ ਨਵੀਂ ਜ਼ਿੰਦਗੀ ਦੇਣ ਲਈ ਇਸ ਨੰਬਰ ਤੋਂ ਸਹਾਇਤਾ ਜ਼ਰੂਰ ਲਵੋ।


# ਚੰਡੀਗੜ੍ਹ ਹਾਈ ਕੋਰਟ ਵਲੋਂ ਮੇਅਰ ਦੀ ਚੋਣ ਨੂੰ ਚੁਣੌਤੀ ਦੇਣ ਵਾਲੀ ਪਟੀਸ਼ਨ ਖਾਰਜ ਹੋਣਾ ਲੋਕਤੰਤਰ ਦੀ ਜਿੱਤ : ਕੌਂਸਲਰ ਰਵੀ

ਫਗਵਾੜਾ ( ਸੁਸ਼ੀਲ ਸ਼ਰਮਾ ) ਫਗਵਾੜਾ ਦੇ ਮੇਅਰ ਦੀ ਚੋਣ ਨੂੰ ਚੁਣੌਤੀ ਦੇਣ ਵਾਲੀ ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿੱਚ ਕਾਂਗਰਸ ਪਾਰਟੀ ਵੱਲੋਂ ਦਾਇਰ ਪਟੀਸ਼ਨ ਨੂੰ ਕੋਰਟ ਵਲੋਂ ਖਾਰਜ ਕਰਨ 'ਤੇ ਪ੍ਰਤੀਕਿਰਿਆ ਦਿੰਦੇ ਹੋਏ ਆਮ ਆਦਮੀ ਪਾਰਟੀ ਦੇ ਕੌਂਸਲਰ ਰਵਿੰਦਰ ਰਵੀ ਨੇ ਇਸਨੂੰ ਲੋਕਤੰਤਰ ਦੀ ਜਿੱਤ ਦੱਸਿਆ ਹੈ। ਕੌਂਸਲਰ ਰਵੀ ਨੇ ਕਿਹਾ ਕਿ ਕਾਂਗਰਸ ਪਾਰਟੀ ਦਾ ਇਰਾਦਾ ਮਾਮਲੇ ਨੂੰ ਅਦਾਲਤ ਵਿੱਚ ਲਿਜਾ ਕੇ ਫਗਵਾੜਾ ਦੇ ਵਿਕਾਸ ਵਿੱਚ ਰੁਕਾਵਟਾਂ ਪੈਦਾ ਕਰਨਾ ਸੀ। ਪਰ ਕੇਸ ਦੀ ਸੁਣਵਾਈ ਕਰ ਰਹੇ ਮਾਣਯੋਗ ਜੱਜਾਂ ਦੇ ਬੈਂਚ ਨੇ ਕਾਂਗਰਸ ਪਾਰਟੀ ਦੀ ਮੰਸ਼ਾ ਨੂੰ ਨਾਕਾਮ ਕਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਅਦਾਲਤ ਦੇ ਫੈਸਲੇ ਨਾਲ ਸਾਬਤ ਹੋ ਗਿਆ ਹੈ ਕਿ ਫਗਵਾੜਾ ਵਿੱਚ ਮੇਅਰ ਦੀ ਚੋਣ ਦੌਰਾਨ ਕੋਈ ਧਾਂਦਲੀ ਨਹੀਂ ਹੋਈ ਸੀ, ਸਗੋਂ ਫਗਵਾੜਾ ਦੇ ਲੋਕਾਂ ਵੱਲੋਂ ਚੁਣੇ ਗਏ ਕੌਂਸਲਰਾਂ ਨੇ ਸਰਬਸੰਮਤੀ ਨਾਲ ਮੇਅਰ ਰਾਮ ਪਾਲ ਉੱਪਲ ਨੂੰ ਸਦਨ ਦਾ ਨੇਤਾ ਚੁਣਿਆ ਸੀ। ਕਾਂਗਰਸ ਸਿਰਫ਼ ਆਪਣਾ ਮੇਅਰ ਨਾ ਬਣਨ ਦੀ ਨਿਰਾਸ਼ਾ ਵਿੱਚ ਝੂਠਾ ਪ੍ਰਚਾਰ ਕਰ ਰਹੀ ਸੀ। ਉਨ੍ਹਾਂ ਕਿਹਾ ਕਿ ਹੁਣ ਫਗਵਾੜਾ ਦੇ ਮੇਅਰ ਰਾਮ ਪਾਲ ਉੱਪਲ, ਸੀਨੀਅਰ ਡਿਪਟੀ ਮੇਅਰ ਤੇਜਪਾਲ ਬਸਰਾ ਅਤੇ ਡਿਪਟੀ ਮੇਅਰ ਵਿੱਕੀ ਸੂਦ ਦੀ ਅਗਵਾਈ ਹੇਠ 'ਆਪ' ਪਾਰਟੀ ਦੇ ਹਲਕਾ ਇੰਚਾਰਜ ਜੋਗਿੰਦਰ ਸਿੰਘ ਮਾਨ, ਹਲਕਾ ਮੈਂਬਰ ਪਾਲਰੀਮੈਂਟ ਡਾ. ਰਾਜਕੁਮਾਰ ਚੱਬੇਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੇ ਸਹਿਯੋਗ ਨਾਲ ਫਗਵਾੜਾ ਦੇ ਸਾਰੇ ਵਾਰਡਾਂ ਦਾ ਲੋੜੀਂਦਾ ਵਿਕਾਸ ਕਰਵਾਇਆ ਜਾਵੇਗਾ। ਇੱਕ ਸਵਾਲ ਦੇ ਜਵਾਬ ਵਿੱਚ ਗੋਬਿੰਦਪੁਰਾ ਦੇ ਕੌਂਸਲਰ ਰਵਿੰਦਰ ਰਵੀ ਨੇ ਕਿਹਾ ਕਿ ਕਾਂਗਰਸ ਨੂੰ ਡਰ ਹੈ ਕਿ ਭਗਵੰਤ ਮਾਨ ਸਰਕਾਰ ਦੀ ਮਦਦ ਨਾਲ ਅਗਲੇ ਦੋ ਸਾਲਾਂ ਵਿੱਚ ਫਗਵਾੜਾ ਵਿੱਚ ਹੋਣ ਵਾਲੇ ਵਿਕਾਸ ਤੋਂ ਪ੍ਰਭਾਵਿਤ ਹੋ ਕੇ ਫਗਵਾੜਾ ਦੇ ਵੋਟਰ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਕਾਂਗਰਸ ਤੋਂ ਫਗਵਾੜਾ ਵਿਧਾਨ ਸਭਾ ਸੀਟ ਖੋਹ ਕੇ 'ਆਪ' ਦੀ ਝੋਲੀ ਵਿਚ ਪਾ ਦੇਣਗੇ। ਇਸ ਮਾੜੇ ਇਰਾਦੇ ਨਾਲ ਹਾਈਕੋਰਟ ਵਿੱਚ ਇੱਕ ਪਟੀਸ਼ਨ



ਦਾਇਰ ਕੀਤੀ ਗਈ ਸੀ ਤਾਂ ਜੋ ਸ਼ਹਿਰ ਦਾ ਵਿਕਾਸ ਰੁਕਿਆ ਰਹੇ ਅਤੇ ਕਾਂਗਰਸ ਆਉਣ ਵਾਲੀਆਂ ਚੋਣਾਂ ਵਿੱਚ ਇਸਦਾ ਫਾਇਦਾ ਉਠਾ ਸਕੇ। ਪਰ ਅਦਾਲਤ ਵਿੱਚ ਪਟੀਸ਼ਨ ਰੱਦ ਹੋਣ ਨਾਲ ਕਾਂਗਰਸ ਦਾ ਇਹ ਸੁਪਨਾ ਚਕਨਾਚੂਰ ਹੋ ਗਿਆ ਹੈ।

# ਸਰਸਵਤੀ ਸੰਕੀਰਤਨ ਮੰਡਲੀ ਐਂਡ ਵੈਲਫੇਅਰ ਸੁਸਾਇਟੀ ਰਜਿ ਭਗਤਪੁਰਾ ਫਗਵਾੜਾ ਨੇ ਮਹਾਸ਼ਿਵਰਾਤਰੀ ਦਾ ਤਿਉਹਾਰ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ





ਫਗਵਾੜਾ ( ਸੁਸ਼ੀਲ ਸ਼ਰਮਾ ) ਸਰਸਵਤੀ ਸੰਕੀਰਤਨ ਮੰਡਲੀ ਐਂਡ ਵੈਲਫੇਅਰ ਸੁਸਾਇਟੀ ਰਜਿ ਭਗਤਪੁਰਾ ਫਗਵਾੜਾ ਵਲੋਂ ਮਹਾਸ਼ਿਵਰਾਤਰੀ ਦੇ ਸੰਬੰਧ ਵਿੱਚ ਗਲੀ ਨੰਬਰ 3 ਵਿਖੇ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ ਇਸ ਮੌਕੇ ਸਰਸਵਤੀ ਸੰਕੀਰਤਨ ਮੰਡਲੀ ਵਲੋਂ ਸ੍ਰੀ ਗਣੇਸ਼ ਵੰਦਨਾ ਨਾਲ ਸ਼ੁਰੂਆਤ ਕਰ ਸ਼ਿਵ ਭੋਲੇ ਦੀ ਮਹਿਮਾ ਦਾ ਗੁਣਗਾਨ ਕਰ ਸਭਣਾ ਨੂੰ ਝੂਮਣ ਤੇ ਮਜਬੂਰ ਕੀਤਾ ਇਸ ਮੌਕੇ ਸੰਤੋਖ ਸਿੰਘ ਸੋਖਾ ਸਾਬਕਾ ਪ੍ਰਧਾਨ ਸਨਾਤਨ ਧਰਮ ਮੰਦਰ ਕਮੇਟੀ ਭਗਤਪੁਰਾ ਫਗਵਾੜਾ , ਕਮਲਜੀਤ ਬੱਬੂ , ਸ਼ਸ਼ੀ ਕਪੂਰ , ਸੁਰਿੰਦਰ ਸਿੰਘ , ਡਾ ਰਮਨ , ਨਰਿੰਦਰ ਪਾਲ ਸਿੰਘ ਮਾਹੀ , ਸੁਸ਼ੀਲ ਸ਼ਰਮਾ ਰਾਜੂ , ਸੁਰਿੰਦਰ ਸ਼ਰਮਾਂ , ਬਲਦੇਵ ਸਿੰਘ , ਐਡਵੋਕੇਟ ਜਤਿੰਦਰ ਠਾਕੁਰ , ਵਰਿੰਦਰ ਸਿੰਘ ਕੰਬੋਜ , ਸਰਬਜੀਤ ਸਿੰਘ ਕਾਕਾ , ਜਤਿੰਦਰ ਸਰਮਾ ਮਿੱਠੂ , ਦੀਪਕ ਸ਼ਾਸਤਰੀ , ਰਾਜੇਸ਼ ਵਸੀਸ਼ਟ, ਸ਼ਸ਼ੀ ਪਾਠਕ ਪ੍ਰਧਾਨ ਸਰਸਵਤੀ ਸੰਕੀਰਤਨ ਮੰਡਲੀ ਭਗਤਪੁਰਾ , ਉਰਮਿਲਾ ਪ੍ਰਾਸ਼ਰ , ਰੇਖਾ ਭਾਰਦਵਾਜ , ਸੁਨੀਤਾ , ਗੀਤਾ , ਸੁਖਵਿੰਦਰ , ਪ੍ਰੇਮ ਲਤਾ , ਪ੍ਰਮਜੀਤ ਪਾਸੀ ਤੋਂ ਇਲਾਵਾ ਵੱਡੀ ਗਿੱਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਲਗਵਾਈ

# ਲੈਕਚਰਾਰ ਯੂਨੀਅਨ ਵਲੋਂ ਗੁਰਦਾਸਪੁਰ ਦੇ ਲੈਕ. ਅਸ਼ਵਨੀ ਕੁਮਾਰ ਨੂੰ ਸਸਪੈਂਡ ਕਰਨ ਦਾ ਵਿਰੋਧ ਅੱਤੇ ਪ੍ਰੀਖਿਆਵਾਂ ਦੇ ਬਾਈਕਾਟ ਦੀ ਚੇਤਾਵਨੀ-ਅਮਨ ਸ਼ਰਮਾ

ਫ਼ਗਵਾੜਾ-ਅੰਮ੍ਰਿਤਸਰ (ਸੁਸ਼ੀਲ ਸ਼ਰਮਾ) ਗੌਰਮਿੰਟ ਸਕੂਲ ਲੈਕਚਰਾਰ ਯੂਨੀਅਨ ਪੰਜਾਬ ਦੀ ਹੰਗਾਮੀ ਮੀਟਿੰਗ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਝਾਵਰ ਗੁਰਦਾਸਪੁਰ ਵਿੱਖੇ ਸੁਪਰਿੰਟੈਂਡੈਂਟ ਅਸ਼ਵਨੀ ਕੁਮਾਰ ਨੂੰ ਪ੍ਰੀਖਿਆ ਡਿਊਟੀ ਵਿੱਚ ਕੋਤਾਹੀ ਕਰਨ ਤੇ ਮੁੱਅਤਲ ਕਰਨ ਦੇ ਵਿਰੋਧ ਦੇ ਮੁੱਦੇ ਤੇ ਸੂਬਾ ਸੀਨੀਅਰ ਮੀਤ ਪ੍ਰਧਾਨ ਅਮਨ ਸ਼ਰਮਾ ਦੀ ਪ੍ਰਧਾਨਗੀ ਵਿੱਚ ਹੋਈ, ਜਿਸ ਵਿੱਚ ਗੁਰਦਾਸਪੁਰ ਦੇ ਜਿਲ੍ਹਾ ਪ੍ਰਧਾਨ ਅੱਤੇ ਸੂਬਾ ਜਨਰਲ ਸਕੱਤਰ ਬਲਰਾਜ ਸਿੰਘ ਬਾਜਵਾ ਨੇ ਦੱਸਿਆ ਕਿ ਅਸ਼ਵਨੀ ਕੁਮਾਰ ਇੱਕ ਬਹੁਤ ਮਿਹਨਤੀ ਅੱਤੇ ਇਮਾਨਦਾਰ ਲੈਕਚਰਾਰ ਹਨ ਉਹਨਾਂ ਤੇ ਪੰਜਾਬ ਸਕੂਲ ਸਿੱਖਿਆ ਬੋਰਡ ਦੀ ਚੈਕਿੰਗ ਟੀਮ ਵਲੋਂ ਲਗਾਏ ਦੋਸ਼ ਬਿਲਕੁੱਲ ਗ਼ਲਤ ਅੱਤੇ ਬੇਬੁਨਿਆਦ ਹਨ। ਟੀਮ ਵਲੋਂ ਨਾ ਤਾਂ ਕੋਈ ਯੂ ਐਮ ਸੀ ਕੇਸ ਅੱਤੇ ਨਾ ਹੀ ਪ੍ਰੀਖਿਆ ਰੱਦ ਕਰਨ ਦੀ ਸਿਫਾਰਿਸ਼ ਕੀਤੀ ਪਰ ਸੁਪਰਿੰਟੈਂਡੈਂਟ ਨੂੰ ਇੱਕਲੇ ਸਸਪੈਂਡ ਕਰਨਾ ਬਿਲਕੁੱਲ ਬੇਤੁੱਕਾ ਅੱਤੇ ਤਰਕਹੀਨ ਜਾਪਦਾ ਹੈ। ਭਰੋਸੇਯੋਗ ਸੂਤਰਾਂ ਤੋਂ ਪਤਾ ਲੱਗਾ ਕਿ ਚੈਕਿੰਗ ਟੀਮ ਇੰਚਾਰਜ ਗੁਰਦਾਸਪੁਰ ਜ਼ਿਲ੍ਹੇ ਨਾਲ ਸਬੰਧਤ ਹਨ ਉਹਨਾਂ ਕਿਸੇ ਨਿੱਜੀ ਰੰਜਿਸ਼ ਅੱਤੇ ਮੰਤਵ ਤਹਿਤ ਇੱਕ ਇਮਾਨਦਾਰ ਅਧਿਆਪਕ ਨੂੰ ਮੁੱਅਤਲ ਕਰਨ ਦੀ ਸਿਫਾਰਿਸ਼ ਕੀਤੀ। ਇੱਥੇ ਸੋਚਣ ਵਿਚਾਰਣ ਵਾਲੀ ਗੱਲ ਇਹ ਹੈ ਜੇਕਰ ਪ੍ਰੀਖਿਆ ਕੇਂਦਰ ਵਿੱਚ ਕੋਤਾਹੀਆਂ ਸਨ ਤਾਂ ਇੱਕਲੇ ਸੁਪਰਿੰਟੈਂਡੈਂਟ ਨੂੰ ਹੀ ਕਿਵੇਂ ਜਿੰਮੇਵਾਰ ਠਹਿਰਾਇਆ ਜਾ ਸਕਦਾ ਹੈ ਅਤੇ ਜ਼ੇਕਰ ਬੇਨਿਯਮੀਆਂ ਸਨ ਤਾਂ ਯੂ.ਐਮ.ਸੀ.ਕੇਸ ਅੱਤੇ ਪ੍ਰੀਖਿਆ ਨੂੰ ਰੱਦ ਕਰਨ ਦੀ ਸਿਫਾਰਿਸ਼ ਕਿਓ ਨਹੀਂ ਕੀਤੀ ਗਈ। ਅਸ਼ਵਨੀ ਕੁਮਾਰ ਪੋਲੀਟੀਕਲ ਸਾਇੰਸ ਵਿਸ਼ੇ ਦਾ ਜਿਲ੍ਹਾ ਕੋਆਡੀਨੇਟਰ ਹੈ। ਇਹਨਾਂ ਦੇ ਵਿਦਿਆਰਥੀਆਂ ਦੀ ਪੜ੍ਹਾਈ ਹਿੱਤ ਰਾਜਨੀਤੀ ਵਿਗਿਆਨ ਨਾਲ ਸਬੰਧਤ ਸੈਕੜਿਆ ਲੈਕਚਰ ਔਨਲਾਈਨ ਉਪਲਬਧ ਹਨ ਪਰ ਅਜਿਹੇ ਇਮਾਨਦਾਰ ਅੱਤੇ ਮਿਹਨਤੀ ਅਧਿਆਪਕ ਨੂੰ ਇਸ ਤਰਾਂ ਪਤਾੜਿਤ ਕਰਨਾ ਬਹੁਤ ਹੀ ਸ਼ਰਮਨਾਕ ਅੱਤੇ ਗ਼ਲਤ ਗੱਲ ਹੈ। ਜਿਸਦਾ ਲੈਕਚਰਾਰ ਅੱਤੇ ਦੂਜਿਆਂ ਅਧਿਆਪਕ ਜਥੇਬੰਦੀਆਂ ਵਿੱਚ ਬਹੁਤ ਰੋਸ਼ ਹੈ ਉਹਨਾਂ ਸਿੱਖਿਆ ਵਿਭਾਗ ਨੂੰ ਚੇਤਾਵਨੀ ਦਿੱਤੀ ਕਿ ਜ਼ੇਕਰ ਅਸ਼ਵਨੀ ਕੁਮਾਰ ਨੂੰ ਤੁਰੰਤ ਬਹਾਲ ਨਾ ਕੀਤਾ ਗਿਆ



ਤਾਂ ਅਗਾਮੀ ਪਰੀਖਿਆਵਾਂ ਦਾ ਬਾਈਕਾਟ ਕੀਤਾ ਜਾਵੇਗਾ ਅੱਤੇ ਤਿੱਖਾ ਸੰਘਰਸ਼ ਕੀਤਾ ਜਾਵੇਗਾ। ਮੀਟਿੰਗ ਵਿੱਚ ਸੁਖਦੇਵ ਸਿੰਘ ਰਾਣਾ,ਰਵਿੰਦਰਪਾਲ ਸਿੰਘ, ਕੌਸ਼ਲ ਸ਼ਰਮਾ ਪਠਾਨਕੋਟ, ਬਲਜੀਤ ਸਿੰਘ ਕਪੂਰਥਲਾ, ਹਰਜੀਤ ਸਿੰਘ ਬਲਹਾੜੀ, ਚਰਨਦਾਸ ਮੁਕਤਸਰ, ਜਤਿੰਦਰ ਸਿੰਘ ਮਸਾਣੀਆਂ, ਕੁਲਵਿੰਦਰਪਾਲ ਸਿੰਘ ਮੌਜੂਦ ਸਨ।

# ਦਰਸ਼ਨ ਤਿਉਣਾ ਦੀ ਪੁਸਤਕ ਲੱਪ ਕੁ ਹਾਸੇ ਗਿੱਠ ਕੇ ਰੋਸੇ ਦਾ ਲੋਕ ਅਰਪਣ 22 ਮਾਰਚ ਨੂੰ

ਚੰਡੀਗੜ੍ਹ/ਫਗਵਾੜਾ ( ਸੁਸ਼ੀਲ ਸ਼ਰਮਾ ) ਟੀ ਐਸ ਸੈਂਟਰਲ ਸਟੇਟ ਲਾਇਬਰੇਰੀ ਚੰਡੀਗੜ੍ਹ ਅਤੇ ਸਾਹਿਤ ਵਿਗਿਆਨ ਕੇਂਦਰ ਚੰਡੀਗੜ੍ਹ ਵਲੋਂ ਦਰਸ਼ਨ ਤਿਉਣਾ ਦੀ ਪੁਸਤਕ ਲੱਪ ਕੁ ਹਾਸੇ ਗਿੱਠ ਕੇ ਰੋਸੇ ਦਾ ਲੋਕ ਅਰਪਣ ਸੰਬੰਧੀ ਜਾਣਕਾਰੀ ਦਿੰਦਿਆਂ ਪਰਮਜੀਤ ਪਰਮ ਕਾਰਜਕਾਰੀ ਪ੍ਰਧਾਨ ਅਤੇ ਦਵਿੰਦਰ ਕੌਰ ਢਿੱਲੋਂ ਜਰਨਲ ਸਕੱਤਰ ਨੇ ਦੱਸਿਆ ਕਿ ਟੀ ਐਸ ਸੈਂਟਰਲ ਸਟੇਟ ਲਾਇਬਰੇਰੀ ਚੰਡੀਗੜ੍ਹ ਸੈਕਟਰ 17 ਵਿਖੇ ਮਿਤੀ 22 ਮਾਰਚ ਦਿਨ ਸ਼ਨੀਵਾਰ ਸਵੇਰੇ 10.00 ਵਜੇ ਕੀਤਾ ਜਾਵੇਗਾ




ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਂਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਹੈਲਥ ਇੰਪਲਾਈਜ਼ ਐਸੋਸੀਏਸ਼ਨ ਨੇ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਉਪਰੰਤ ਸਰਬਤ ਦੇ ਭਲੇ ਦੀ ਕਰਵਾਈ ਅਰਦਾਸ



ਫ਼ਗਵਾੜਾ-ਅੰਮ੍ਰਿਤਸਰ (ਸੁਸ਼ੀਲ ਸ਼ਰਮਾ) ਬਹੈਲਥ ਇੰਪਲਾਈਜ਼ ਐਸੋਸੀਏਸ਼ਨ ਪੰਜਾਬ ਜ਼ਿਲ੍ਹਾ ਅੰਮ੍ਰਿਤਸਰ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਨਾਨਕਸ਼ਾਹੀ ਕੈਲੰਡਰ ਅਨੁਸਾਰ ਨਵੇਂ ਸਾਲ ਦੇ ਸ਼ੁੱਭ ਆਰੰਭ ਦੇ ਮੌਕੇ ਗੁਰਮਤਿ ਸਮਾਗਮ ਕਰਵਾਇਆ ਗਿਆ। ਜਿਸ ਵਿੱਚ ਪਹਿਲਾਂ ਸ਼੍ਰੀ ਸੁਖਮਨੀ ਸਾਹਿਬ ਦੇ ਜਾਪ ਕਰਵਾਏ ਗਏ ਅਤੇ ਉਪਰੰਤ ਸੱਚਖੰਡ ਸ੍ਰੀ ਦਰਬਾਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਕੁਲਦੀਪ ਸਿੰਘ ਅਨੰਦਪੁਰੀ ਵੱਲੋਂ ਗੁਰਬਾਣੀ ਦੇ ਸ਼ਬਦਾਂ ਦਾ ਮਨੋਹਰ ਕੀਰਤਨ ਕੀਤਾ ਗਿਆ। ਪ੍ਰੋਗਰਾਮ ਦੌਰਾਨ ਸਿਵਲ ਸਰਜਨ ਡਾਕਟਰ ਕਿਰਨਜੀਤ ਕੌਰ ਵੱਲੋਂ ਉਚੇਚੇ ਤੌਰ ਤੇ ਹਾਜ਼ਰੀਆਂ ਭਈਆ ਗਈਆਂ। ਇਸ ਸਮੇਂ ਵੱਖ ਵੱਖ ਜਥੇਬੰਦੀਆਂ ਦੇ ਆਗੂਆਂ ਅਤੇ ਮੈਂਬਰਾਂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਵੱਲੋਂ ਸ਼ਮੂਲੀਅਤ ਕੀਤੀ ਗਈ। ਇਸ ਸਮੇਂ ਬੋਲਦਿਆਂ ਹੈਲਥ ਇੰਪਲਾਈਜ ਐਸੋਸੀਏਸ਼ਨ ਪੰਜਾਬ ਦੇ ਸਰਪ੍ਰਸਤ ਬਾਬਾ ਸ਼ਮਸ਼ੇਰ ਸਿੰਘ ਕੋਹਰੀ ਨੇ ਜਿੱਥੇ ਸਮੁੱਚੀ ਸੰਗਤ ਤੇ ਅਧਿਕਾਰੀਆਂ ਦਾ ਧੰਨਵਾਦ ਕੀਤਾ ਓਥੇ ਨਾਲ ਹੀ ਅਪੀਲ ਕੀਤੀ ਕਿ ਅੱਜ ਦੇ ਦਿਨ ਇਹ ਅਹਿਦ ਕਰਕੇ ਜਾਈਏ ਕਿ ਉਹ ਦਫ਼ਤਰੀ ਕੰਮਾਂ ਲਈ ਆਏ ਆਮ ਲੋਕਾਂ ਦੇ ਕੰਮ ਪਹਿਲ ਦੇ ਆਧਾਰ ਤੇ ਕਰਕੇ ਉਹਨਾਂ ਦੀਆਂ ਮੁਸ਼ਕਿਲਾਂ ਅਸਾਨ ਕਰਨਗੇ। ਸਿਵਲ ਸਰਜਨ ਅੰਮ੍ਰਿਤਸਰ ਡਾਕਟਰ ਕਿਰਨਜੀਤ ਕੌਰ ਵੱਲੋਂ ਇਸ ਸਮਾਗਮ ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਸਾਰੇ ਹਾਜ਼ਰ ਮੁਲਾਜ਼ਮਾਂ ਨੂੰ ਗੁਰੂਆਂ ਅਤੇ ਗੁਰਬਾਣੀ ਦੇ ਉਪਦੇਸ਼ ਤੇ ਚੱਲਣ ਦੀ ਅਪੀਲ ਕੀਤੀ। ਇਸ ਸਮੇਂ ਹੋਰਨਾਂ ਤੋਂ ਇਲਾਵਾ ਬਾਬਾ ਮਲਕੀਅਤ ਸਿੰਘ ਭੱਟੀ, ਪ੍ਰਧਾਨ ਗੁਰਦੇਵ ਸਿੰਘ ਢਿੱਲੋਂ, ਸਹਾਇਕ ਸਿਵਲ ਸਰਜਨ ਡਾਕਟਰ ਰਾਜਿੰਦਰਪਾਲ ਕੌਰ, ਡਾਕਟਰ ਨੀਲਮ ਭਗਤ, ਡਾਕਟਰ ਭਾਰਤੀ ਧਵਨ, ਡਾਕਟਰ ਮਦਨ ਲਾਲ,ਡਾਕਟਰ ਹਰਜੋਤ ਕੌਰ, ਡਾਕਟਰ ਮਨਜੀਤ ਸਿੰਘ ਰਟੌਲ,ਅਸ਼ੋਕ ਕੁਮਾਰ ਸ਼ਰਮਾ, ਪਲਵਿੰਦਰ ਸਿੰਘ ਧੰਮੂ, ਹਰਵਿੰਦਰ ਸਿੰਘ ਬੱਲ, ਸੁਖਦੇਵ ਸਿੰਘ ਵਿਛੋਆ, ਬਲਦੇਵ ਸਿੰਘ ਝੰਡੇਰ, ਸੁਖਵੰਤ ਸਿੰਘ ਸੰਧੂ, ਜਗਤਬੀਰ ਸਿੰਘ ਢਿੱਲੋਂ ਹਰਕਮਲ ਸਿੰਘ ਸੈਣੀ,ਬਿਕਰਮ ਸਿੰਘ ਗਿੱਲ, ਗੁਰਪ੍ਰੀਤ ਸਿੰਘ ਸੰਧੂ, ਸੁਪਰਡੈਂਟ ਦਲਜੀਤ ਸਿੰਘ, ਸੰਜੀਵ ਕੁਮਾਰ, ਜਸਮੇਲ ਸਿੰਘ ਵੱਲਾ, ਬਲਵਿੰਦਰ ਸਿੰਘ ਕੋਟਲਾ,ਸਾਜਨ, ਬਲਜਿੰਦਰ ਸਿੰਘ ਮੱਲ੍ਹੀ, ਗੁਰਸੇਵਕ ਸਿੰਘ, ਮੁਖਤਿਆਰ ਸਿੰਘ, ਸੰਜੀਵ ਕੁਮਾਰ ਰਮਦਾਸ, ਗੁਰਪ੍ਰੀਤ ਸਿੰਘ, ਮੁਖਤਿਆਰ ਸਿੰਘ ਗਿੱਲ,ਆਰ ਕੇ ਦੇਵਗਨ, ਸੁਖਜਿੰਦਰ ਸਿੰਘ ਹੇਰ ਆਦਿ ਵੀ

# ਧਾਮੀ ਦੇ ਅਸਤੀਫ਼ੇ ਅਤੇ ਵਾਪਸੀ ਦਾ ਕਾਰਨ ਕੌਮ ਜਾਣਨਾ ਚਾਹੁੰਦੀ ਹੈ-ਹਰਜੀਤ ਸਿੰਘ ਗਰੇਵਾਲ



ਫ਼ਗਵਾੜਾ-ਚੰਡੀਗੜ੍ਹ (ਸੁਸ਼ੀਲ ਸ਼ਰਮਾ) ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਵੱਲੋਂ ਆਪਣਾ ਅਸਤੀਫ਼ਾ ਵਾਪਸ ਲੈਣ ਦੇ ਸਬੰਧ ਵਿੱਚ ਮੀਡੀਆ ਨਾਲ ਗੱਲਬਾਤ ਕਰਦਿਆਂ ਭਾਜਪਾ ਦੇ ਰਾਸ਼ਟਰੀ ਕਾਰਜਕਾਰਨੀ ਮੈਂਬਰ ਅਤੇ ਸੀਨੀਅਰ ਆਗੂ ਹਰਜੀਤ ਸਿੰਘ ਗਰੇਵਾਲ ਨੇ ਸ਼੍ਰੋਮਣੀ ਕਮੇਟੀ ਪ੍ਰਧਾਨ ਨੂੰ ਪੁੱਛਿਆ,ਜਿਸ ਸਮੱਸਿਆ ਲਈ ਤੁਸੀਂ ਆਪਣਾ ਅਸਤੀਫ਼ਾ ਦਿੱਤਾ ਸੀ, ਕੀ ਉਹ ਹੱਲ ਹੋ ਗਈ ਹੈ ? ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਇੱਕ ਪਰਿਵਾਰ ਨੂੰ ਬਚਾਉਣ ਲਈ ਤਖ਼ਤਾਂ ਦੇ ਜਥੇਦਾਰਾਂ ਨੂੰ ਹਟਾ ਦਿੱਤਾ ਗਿਆ ਸੀ, ਕੀ ਇਹ ਸਹੀ ਸੀ ? ਕੀ ਇਹ ਸਭ ਤੋਂ ਸਰਵਉੱਚ ਤਖਤ,ਪੰਥ ਅਤੇ ਭਾਈਚਾਰੇ ਦੇ ਮਾਣ-ਸਨਮਾਨ ਦੇ ਅਨੁਸਾਰ ਕੀਤਾ ਗਿਆ ਸੀ ?

ਗਰੇਵਾਲ ਨੇ ਕਿਹਾ ਕਿ ਜੇਕਰ ਕਾਂਗਰਸ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਤ ਹਮਲਾ ਕਰਕੇ ਉਨ੍ਹਾਂ ਨੂੰ ਢਹਿ-ਢੇਰੀ ਕੀਤਾ ਹ ਤਾਂ ਇੱਕ ਪਰਿਵਾਰ ਨੂੰ ਬਚਾਉਣ ਲਈ ਕਮੇਟੀ ਨੇ ਸ਼੍ਰੋਮਣੀ ਕਮੇਟੀ ਦੀਆਂ ਸੰਸਥਾਵਾਂ ਨੂੰ ਬਰਬਾਦ ਕਰਨ ਵਿੱਚ ਕੋਈ ਕਸਰ ਨਹੀਂ ਛੱਡੀ। ਕੀ ਇਸ ਤੋਂ ਬਾਅਦ ਅਜਿਹਾ ਨਹੀਂ ਹੋਵੇਗਾ ? ਸਿੱਖ ਭਾਈਚਾਰਾ ਇਸ ਦਾ ਜਵਾਬ ਮੰਗ ਰਿਹਾ ਹੈ। ਸਿਖ ਕੌਮ ਤੁਹਾਡੇ ਅਸਤੀਫ਼ੇ ਦੇਣ ਅਤੇ ਅਸਤੀਫ਼ੇ ਨੂੰ ਵਾਪਸ ਲੈਣ ਦਾ ਕਾਰਨ ਵੀ ਜਾਣਨਾ ਚਾਹੁੰਦੀ ਹੈ।

# ਸ਼ਹੀਦ ਏ ਆਜ਼ਮ ਭਗਤ ਸਿੰਘ ਤੇ ਉਹਨਾਂ ਦੇ ਸਾਥੀਆਂ ਨੂੰ ਫਾਂਸੀ ਦੀ ਸਜ਼ਾ ਅਤੇ ਕੀ,,,,,, ? ਰੁਕ ਸਕਦੀ ਸੀ ਸ਼ਹੀਦੇ ਆਜ਼ਮ ਭਗਤ ਸਿੰਘ ਦੀ ਫਾਂਸੀ

ਫਗਵਾੜਾ- (ਸੁਸ਼ੀਲ ਸ਼ਰਮਾ )ਭਗਤ ਸਿੰਘ ਇੱਕ ਪੰਜਾਬੀ ਯੁਵਾ ਕ੍ਰਾਂਤੀਕਾਰੀ, ਦੇਸ਼ ਭਗਤ ਸਨ।ਜਿਹਨਾਂ ਨੇ ਚੰਦਰਸ਼ੇਖਰ ਆਜ਼ਾਦ ਨਾਲ ਮਿਲ ਕੇ 1928 ਨੂੰ ਇੱਕ ਇਨਕਲਾਬੀ ਸੰਸਥਾਂ ਹਿੰਦੁਸਤਾਨ ਸੋਸ਼ਲਿਸਟ ਰਿਪਬਲਿਕਨ ਐਸੋਸੀਏਸ਼ਨ (8♥♣1) ਦੀ ਸ਼ੁਰੂਆਤ ਕੀਤੀ। 1930 ਵਿੱਚ ਜਦ ਲਾਹੌਰ ਵਿੱਚ ਸਾਈਮਨ ਕਮਿਸ਼ਨ ਗੋ ਬੈਕ ਅੰਦੋਲਨ ਲਾਲਾ ਲਾਜਪਤ ਰਾਏ ਵਲੋਂ ਚਲਾਇਆ ਜਾ ਰਿਹਾ ਸੀ ਤਾਂ ਉਸ ਸਮੇਂ ਬ੍ਰਿਟਿਸ਼ ਅਫ਼ਸਰ ਜੇ. ਪੀ.ਸਕਾੱਟ ਵਲੋਂ ਲਾਲਾ ਲਾਜਪਤ ਰਾਏ ਦੇ ਇਸ ਅੰਦੋਲਨ ਤੇ ਸ਼ਾਮਲ ਅੰਦੋਲਨਕਾਰੀਆਂ ਉੱਤੇ ਲਾਠੀਚਾਰਜ ਦਾ ਹੁਕਮ ਦੇ ਦਿੱਤਾ ਗਿਆ। ਜਿਸ ਵਿੱਚ ਲਾਲਾ ਲਾਜਪਤ ਰਾਏ ਦੇ ਸਿਰ ਵਿੱਚ ਲਾਠੀਆਂ ਵੱਜਣ ਕਾਰਨ ਉਹਨਾਂ ਦੇ ਦਿਮਾਗ ਤੇ ਸੱਟ ਵੱਜੀ ਤੇ ਹਸਪਤਾਲ ਵਿਚ ਜੇਰੇ ਇਲਾਜ਼ ਉਹ ਸ਼ਹੀਦ ਹੋ ਗਏ। ਇਸ ਗੱਲ ਤੋਂ ਭਗਤ ਸਿੰਘ ਤੇ ਉਹਨਾਂ ਦੇ ਸਾਥੀਆਂ ਨੂੰ ਕਾਫੀ ਧੱਕਾ ਲੱਗਿਆ ਤੇ ਉਹਨਾਂ ਨੇ ਲਾਲਾ ਲਾਜਪਤ ਰਾਏ ਦੀ ਮੌਤ ਦਾ ਬਦਲਾ ਲੈਣ ਦੀ ਯੋਜਨਾ ਬਣਾਈ। ਜਿਸ ਵਿੱਚ ਉਹਨਾਂ ਨੇ ਬ੍ਰਿਟਿਸ਼ ਅਫ਼ਸਰ ਜੇ ਪੀ ਸਕਾਟ ਦੀ ਹੱਤਿਆ ਨੂੰ ਉਦੇਸ਼ ਮਿੱਥਿਆ ਗਿਆ। ਪਰ ਭਗਤ ਸਿੰਘ ਦੇ ਸਾਥੀ ਬਟੁਕੇਸ਼ਵਰ ਦੱਤ ਨੂੰ ਅਫ਼ਸਰ ਦੀ ਪਛਾਣ ਨਾ ਹੋਣ ਕਾਰਨ ਲਾਹੌਰ ਦੇ ਦੂਜੇ ਮੌਜੂਦਾ ਬ੍ਰਿਟਿਸ਼ ਅਫ਼ਸਰ ਸਾਂਡਰਸ ਦੀ ਹੱਤਿਆ ਹੋ ਗਈ। ਪਰ ਫੇਰ ਵੀ ਬ੍ਰਿਟਿਸ਼ ਸਰਕਾਰ ਭਗਤ ਸਿੰਘ ਨੂੰ ਪਕੜਨ ਵਿੱਚ ਅਸਫ਼ਲ ਰਹੀ। ਤੇ ਇੱਕ ਸਾਲ ਤੱਕ ਭਗਤ ਸਿੰਘ ਬ੍ਰਿਟਿਸ਼ ਸਰਕਾਰ ਨੂੰ ਚਕਮਾ ਦੇਣ ਵਿੱਚ ਕਾਮਯਾਬ ਰਹੇ ਤੇ ਬੰਗਾਲ ਵਿੱਚ ਰਹੇ। ਭਗਤ ਸਿੰਘ ਨੂੰ ਪਕੜਨ ਵਿੱਚ ਜਿੱਥੇ ਬ੍ਰਿਟਿਸ਼ ਸਰਕਾਰ ਅਸਫ਼ਲ ਰਹੀ ਉੱਥੇ ਹੀ ਭਗਤ ਸਿੰਘ ਨੇ ਖ਼ੁਦ ਆਪਣੀ ਗ੍ਰਿਫਤਾਰੀ ਦਿੱਤੀ। ਜਿਸ ਦਾ ਇੱਕੋਂ ਇੱਕ ਉਦੇਸ਼ ਹਿੰਦੁਸਤਾਨ ਦੀ ਜਨਤਾ ਨੂੰ ਜਾਗਰੂਕ ਕਰਨਾ ਸੀ। ਜਦੋਂ ਬ੍ਰਿਟਿਸ਼ ਸਰਕਾਰ ਨੇ ਹਿੰਦੁਸਤਾਨ ਦੀ ਜਨਤਾ ਖ਼ਿਲਾਫ਼ ਬਿੱਲ ਪਹਿਲਾਂ ਟਰੇਡ ਡਿਸਪਿਊਟ ਬਿੱਲ ਅਤੇ ਪਬਲਿਕ ਸੇਫਟੀ ਬਿੱਲ ਪਾਸ ਕਰਨ ਵਾਲੀ ਸੀ ਤਾਂ ਉਸ ਸਮੇਂ ਭਗਤ ਸਿੰਘ ਤੇ ਉਹਨਾਂ ਦੇ ਸਾਥੀਆਂ ਵਲੋਂ ਅਸੈਂਬਲੀ ਵਿੱਚ ਬੰਬ ਸੁੱਟੇ। ਭਗਤ ਸਿੰਘ ਦੇ ਬੰਬ ਸੁੱਟੇ ਜਾਣ ਦਾ ਉਦੇਸ਼ ਕਿਸੇ ਦੀ ਜਾਨ ਲੈਣਾ ਨਹੀਂ ਸੀ। ਜਿਸ ਤੋਂ ਬਾਅਦ ਭਗਤ ਸਿੰਘ ਉੱਥੋਂ ਨਹੀਂ ਗਏ ਤੇ ਉਹਨਾਂ ਨੇ ਆਪਣੀ ਗ੍ਰਿਫਤਾਰੀ ਦੇ ਦਿੱਤੀ। ਤੇ ਫੇਰ ਉਹਨਾਂ ਤੇ ਦੋ ਅਪਰਾਧਿਕ ਕੇਸ ਅਸੈਂਬਲੀ ਬੰਬ ਕੇਸ ਅਤੇ ਲਾਹੌਰ ਕਾਂਸਪਰੇਸੀ ਕੇਸ ਦਰਜ ਕੀਤੇ ਗਏ। ਜਿਸ ਤਹਿਤ ਉਹਨਾਂ ਨੂੰ 1931ਫਾਂਸੀ ਦੀ ਸਜ਼ਾ ਸੁਣਾਈ ਗਈ।



ਵਾਇਸਰਾਏ ਲਾਰਡ ਇਰਵਿਨ ,14 ਫਰਵਰੀ 1931ਨੂੰ ਜਦੋਂ ਬ੍ਰਿਟਿਸ਼ ਕੰਪਨੀ ਨੇ ਮਹਾਤਮਾ ਗਾਂਧੀ ਨੂੰ ਰਾਊਂਡ ਟੇਬਲ ਮੀਟਿੰਗ ਤੇ ਹਿੰਦੁਸਤਾਨ ਆਜ਼ਾਦੀ ਮੁੱਦੇ ਅਤੇ ਅੰਦੋਲਨ ਨਾ ਕਰਨ ਬਾਰੇ ਗੱਲਬਾਤ ਲਈ ਬੁਲਾਇਆ ਜਿਸ ਨੂੰ (ਗਾਂਧੀ -ਇਰਵਿਨ )ਪੈਕਟ ਕਿਹਾ ਜਾਂਦਾ ਹੈ ਤਾਂ ਉਸ ਸਮੇਂ ਸ਼ਹੀਦ- ਏ - ਆਜ਼ਮ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਦੀ ਫਾਂਸੀ ਦੀ ਸਿਰਫ਼ ਸਜ਼ਾ ਸੁਣਾਈ ਗਈ ਸੀ,ਤਰੀਕ ਮੁਕੱਰਰ ਨਹੀਂ ਹੋਈ ਸੀ। ਮਹਾਤਮਾ ਗਾਂਧੀ ਦੇ ਅੰਦੋਲਨ ਨੂੰ ਰੋਕਣ ਲਈ ਬ੍ਰਿਟਿਸ਼ ਕੰਪਨੀ ਵਲੋਂ ਇਹ ਮੀਟਿੰਗ ਰੱਖੀ ਗਈ। ਜਿਸ ਵਿੱਚ ਸਾਰੇ ਹਿੰਦੁਸਤਾਨ ਦੀ ਜਨਤਾ ਦੀ ਮਹਾਤਮਾ ਗਾਂਧੀ ਨੂੰ ਇਹ ਅਪੀਲ ਸੀ ਕਿ ਉਹ ਭਗਤ ਸਿੰਘ ਦੀ ਫਾਂਸੀ ਦੀ ਸਜ਼ਾ ਨੂੰ ਮੁਆਫ਼ ਕਰਵਾ ਦੇਣ। ਫਾਂਸੀ ਦੀ ਸਜ਼ਾ ਰੋਕ ਦਿੱਤੀ ਜਾਵੇ। ਪਰੰਤੂ ਮੀਟਿੰਗ ਵਿੱਚ ਸਭ ਮਸਲਿਆਂ ਤੇ ਚਰਚਾ ਕੀਤੀ ਗਈ। ਪਰੰਤੂ ਭਗਤ ਸਿੰਘ ਦੀ ਫਾਂਸੀ ਰੱਦ ਕਰਵਾਉਣ ਦੀ ਕੋਈ ਵੀ ਗੰਭੀਰ ਵਿਚਾਰ ਚਰਚਾ ਨਹੀਂ ਕੀਤੀ ਗਈ। ਇਤਿਹਾਸਕਾਰਾਂ ਅਨੁਸਾਰ ਦੱਸਿਆ ਜਾਂਦਾ ਹੈ ਕਿ ਗਾਂਧੀ ਦੁਆਰਾ ਸਿਰਫ ਇੱਕ ਵਾਰ ਹੀ ਭਗਤ ਸਿੰਘ ਦੀ ਫਾਂਸੀ ਰੋਕਣ ਲਈ ਕਿਹਾ ਗਿਆ। ਪਰੰਤੂ ਜੇਕਰ ਗਾਂਧੀ ਵਲੋਂ ਅੰਗਰੇਜ਼ ਹਕੂਮਤ ਤੇ ਦਬਾਅ ਪਾਇਆ ਜਾਂਦਾ ਤਾਂ ਫਾਂਸੀ ਮੁਲਤਵੀ ਹੋ ਸਕਦੀ ਸੀ। ਕਿਉਂਕਿ ਉਸ ਸਮੇਂ ਹਿੰਦੁਸਤਾਨ ਵਿੱਚ ਕਾਂਗਰਸ ਪਾਰਟੀ ਕਾਫ਼ੀ ਮਜ਼ਬੂਤ ਤੇ ਸਰਗਰਮ ਸੀ। ਬ੍ਰਿਟਿਸ਼ ਕੰਪਨੀ ਦੀ ਕੋਈ ਵੀ ਰਾਊਂਡ ਟੇਬਲ ਮੀਟਿੰਗ ਕਾਂਗਰਸ ਪਾਰਟੀ ਦੀ ਗੈਰਮੌਜੂਦਗੀ ਨਾਲ ਖਾਰਿਜ ਹੋ ਜਾਂਦੀ ਸੀ। ਪਰ ਆਪਣੇ ਅਹਿੰਸਾ ਨਿਯਮਾਂ ਦੀ ਪਾਲਣਾ ਦੇ ਤਹਿਤ ਗਾਂਧੀ ਵਲੋਂ ਭਗਤ ਸਿੰਘ ਦੀ ਫਾਂਸੀ ਤੇ ਰੋਕ ਦੀ ਗੱਲ ਨੂੰ ਨਕਾਰ ਦਿੱਤਾ ਗਿਆ।ਕਹਿ ਸਕਦੇ ਹਾਂ ਕਿ ਮਹਾਤਮਾ ਗਾਂਧੀ ਭਗਤ ਸਿੰਘ ਦੀ ਫਾਂਸੀ ਤੇ ਰੋਕ ਦੀ ਕੋਸ਼ਿਸ਼ ਨਾਂਮਾਤਰ ਨਾਲ ਹੀ ਕੀਤੀ ਗਈ। ਕਿਉਂਕਿ ਗਾਂਧੀ ਮੁਤਾਬਿਕ ਭਗਤ ਸਿੰਘ ਨੇ ਕ੍ਰਾਂਤੀਕਾਰੀ ਲਹਿਰ ਲਈ ਹਿੰਸਾ ਦਾ ਰਾਸਤਾ ਚੁਣਿਆ।ਤੇ ਇਸ ਲਈ ਮਹਾਤਮਾ ਗਾਂਧੀ ਨੂੰ ਫਾਂਸੀ ਨੂੰ ਰੋਕਣ ਦੀ ਕੋਸ਼ਿਸ਼ ਉਹਨਾਂ ਨੂੰ ਆਪਣੇ ਅਹਿੰਸਾ ਨਿਯਮਾਂ ਦੀ ਖਿਲਾਫ਼ਤ ਲੱਗਦੀ ਸੀ।ਹਾਲਾਂਕਿ ਜਿਹੜੇ ਜੱਜ ਦੀ ਟੀਮ ਦੁਆਰਾ ਭਗਤ ਸਿੰਘ ਨੂੰ ਫਾਂਸੀ ਦੀ ਸਜ਼ਾ ਸੁਣਾਈ ਗਈ ਉਸ ਵਿੱਚ ਇੱਕ ਜੱਜ ਉਸ ਸਮੇਂ ਹਿੰਦੁਸਤਾਨੀ ਸੀ ਅਤੇ ਉਸ ਜੱਜ ਦਾ ਨਾਂ ਆਗਾ ਹੈਦਰ ਖਾਨ ਸੀ। ਜੋ ਭਗਤ ਸਿੰਘ ਨੂੰ ਫਾਂਸੀ ਦੇ ਹੱਕ ਵਿੱਚ ਨਹੀਂ ਸਨ। ਸਭ ਜੱਜਾਂ ਨੇ ਜਦੋਂ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਨੂੰ ਫਾਂਸੀ ਦੀ ਸਜ਼ਾ ਸੁਣਾਈ ਤਾਂ ਉਸ ਸਮੇਂ ਆਗਾ ਹੈਦਰ ਖਾਨ ਨੇ ਭਗਤ ਸਿੰਘ ਨੂੰ ਫਾਂਸੀ ਦੀ ਸਜ਼ਾ ਨਹੀਂ ਲਿਖੀ ਪਰ ਬਾਕੀ ਜੱਜਾਂ ਦੇ ਬਹੁਮਤ ਹੋਣ ਕਾਰਨ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਨੂੰ ਫਾਂਸੀ ਦੀ ਦੇ ਦਿੱਤੀ ਗਈ। ਜਿਸ ਤੋਂ ਬਾਅਦ ਆਗਾ ਹੈਦਰ ਖਾਨ ਨੇ ਜੱਜ ਦੀ ਪਦਵੀਂ ਤੋਂ ਅਸਤੀਫ਼ਾ ਦੇ ਦਿੱਤਾ। ਤੇ 23 ਮਾਰਚ 1931 ਨੂੰ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਨੂੰ ਫਾਂਸੀ ਦੇ ਦਿੱਤੀ ਗਈ।

# ਟੀ.ਬੀ.ਦੀ ਬਿਮਾਰੀ ਇਲਾਜਯੋਗ,ਜਾਗਰੂਕਤਾ ਤੇ ਯੋਗ ਇਲਾਜ ਪ੍ਰਬੰਧਨ ਨਾਲ ਪਾਈ ਜਾ ਸਕਦੀ ਹੈ ਠੱਲ੍ਹ-ਸਿਵਲ ਸਰਜਨ ਡਾ.ਗੁਰਮੀਤ ਲਾਲ

ਫ਼ਗਵਾੜਾ-ਜਲੰਧਰ (ਸੁਸ਼ੀਲ ਸ਼ਰਮਾ) ਸਿਵਲ ਸਰਜਨ ਡਾ.ਗੁਰਮੀਤ ਲਾਲ ਦੀ ਅਗਵਾਈ ਹੇਠ ਸਿਵਲ ਸਰਜਨ ਦਫ਼ਤਰ ਵਿਖੇ ਜਲੰਧਰ ਵਿਖੇ ਮੈਡੀਕਲ ਅਫ਼ਸਰਾਂ ਅਤੇ ਸਟਾਫ਼ ਨਰਸਾਂ ਲਈ ਬਚਪਨ ਵਿੱਚ ਹੋਣ ਵਾਲੇ ਟੀ.ਬੀ.ਦੀ ਜਾਂਚ ਤੇ ਇਲਾਜ ਸਬੰਧੀ ਟ੍ਰੇਨਿੰਗ ਦਾ ਆਯੋਜਨ ਕੀਤਾ ਗਿਆ। ਨੈਸ਼ਨਲ ਟੀਬੀ ਅਲੀਮਿਨੇਸ਼ਨ ਪ੍ਰੋਗਰਾਮ ਤਹਿਤ ਇਹ ਟ੍ਰੇਨਿੰਗ ਵਰਲਡ ਹੈੱਲਥ ਪਾਰਟਨਰ (ਡਬਲਿਊ.ਐੱਚ.ਪੀ) ਦੇ ਸਹਿਯੋਗ ਨਾਲ ਕਰਵਾਈ ਗਈ। ਇਸ ਮੌਕੇ ਜਿਲ੍ਹਾ ਟੀਕਾਕਰਨ ਅਫ਼ਸਰ ਡਾ.ਰਾਕੇਸ਼ ਚੋਪੜਾ ਅਤੇ ਜਿਲ੍ਹਾ ਪਰਿਵਾਰ ਭਲਾਈ ਅਫ਼ਸਰ ਡਾ.ਰਮਨ ਗੁਪਤਾ ਵੀ ਹਾਜ਼ਰ ਸਨ।

ਸਿਵਲ ਸਰਜਨ ਡਾ. ਗੁਰਮੀਤ ਲਾਲ ਨੇ ਕਿਹਾ ਕਿ ਬੱਚਿਆਂ ਲਈ ਟੀ.ਬੀ. ਵੱਡੀ ਚੁਣੌਤੀ ਹੈ, ਕਿਉਂਕਿ ਅਕਸਰ ਇਸ ਦਾ ਪਤਾ ਲੱਗਣ 'ਚ ਦੇਰ ਹੋ ਜਾਂਦੀ ਹੈ। ਉਨ੍ਹਾਂ ਕਿਹਾ ਕਿ ਇਸ ਟ੍ਰੇਨਿੰਗ ਪ੍ਰੋਗਰਾਮ ਦਾ ਉਦੇਸ਼ 14 ਸਾਲ ਤੱਕ ਦੀ ਉਮਰ ਦੇ ਬੱਚਿਆਂ ਵਿੱਚ ਟੀਬੀ ਦੇ ਇਲਾਜ ਅਤੇ ਪ੍ਰਬੰਧਨ ਵਿੱਚ ਸਿਹਤ ਪੇਸ਼ੇਵਰਾਂ ਦੇ ਗਿਆਨ ਅਤੇ ਹੁਨਰ ਨੂੰ ਵਧਾਉਣਾ ਹੈ। ਉਨ੍ਹਾਂ ਕਿਹਾ ਕਿ ਸਾਲ 2025 ਦੇ ਅੰਤ ਤੱਕ ਦੇਸ਼ ਨੂੰ ਟੀਬੀ ਮੁਕਤ ਬਣਾਉਣ ਦਾ ਟੀਚਾ ਮਿੱਥਿਆ ਗਿਆ ਹੈ। ਉਨ੍ਹਾਂ ਨੇ ਮੈਡੀਕਲ ਅਫ਼ਸਰਾਂ ਤੇ ਸਟਾਫ ਨਰਸਾਂ ਨੂੰ ਬੱਚਿਆਂ ਵਿੱਚ ਟੀ.ਬੀ. ਦੇ ਲੱਛਣਾਂ ਦੀ ਪਛਾਣ, ਇਲਾਜ, ਮਹੱਤਤਾ ਅਤੇ ਟੀ.ਬੀ. ਟੈਸਟਿੰਗ ਦੀ ਪ੍ਰਕਿਰਿਆ ਬਾਰੇ ਵੀ ਜਾਣਕਾਰੀ ਦਿੱਤੀ।

ਜਿਲ੍ਹਾ ਟੀ.ਬੀ.ਅਫ਼ਸਰ ਡਾ. ਰੀਤੂ ਦਾਦਰਾ ਨੇ ਕਿਹਾ ਕਿ ਟੀ.ਬੀ. ਇੱਕ ਲਾਗ ਦੀ ਬਿਮਾਰੀ ਹੈ,ਪਰ ਜੇਕਰ ਸਮੇਂ ਸਿਰ ਇਸ ਦਾ ਪਤਾ ਲੱਗ ਜਾਵੇ ਅਤੇ ਇਲਾਜ ਕੀਤਾ ਜਾਵੇ ਤਾਂ ਇਹ ਪੂਰੀ ਤਰ੍ਹਾਂ ਠੀਕ ਹੋ ਜਾਂਦੀ ਹੈ। ਉਨ੍ਹਾਂ ਕਿਹਾ ਕਿ ਲੋਕਾਂ ਵਿੱਚ ਇਹ ਵੱਡਾ ਤੇ ਆਮ ਭੁਲੇਖਾ ਹੈ ਕਿ ਟੀ.ਬੀ.ਦੀ ਬਿਮਾਰੀ ਮੌਤ ਦਾ ਕਾਰਨ ਬਣਦਾ ਹੈ, ਪਰ ਅਸਲ ਵਿੱਚ ਅਜਿਹਾ ਨਹੀਂ ਹੈ ਕਿਉਂਕਿ ਸਮੇਂ ਸਿਰ ਜਾਂਚ ਅਤੇ ਇਲਾਜ ਨਾਲ ਇਹ ਬਿਮਾਰੀ ਅੱਗੇ ਫੈਲਣ ਤੋਂ ਰੁੱਕ ਜਾਂਦੀ ਹੈ।

ਟ੍ਰੇਨਿੰਗ ਸੈਸ਼ਨ ਦੌਰਾਨ ਸਟੇਟ ਟੈਕਨਿਕਲ ਐਕਸਪਰਟ ਡਾ. ਸਤੀਸ਼ ਪੰਧੀਰ ਨੇ ਵੀ ਨੈਸ਼ਨਲ ਟੀਬੀ ਖਾਤਮਾ ਪ੍ਰੋਗਰਾਮ ਤਹਿਤ ਬਾਲ ਟੀ.ਬੀ. ਦੀ ਜਾਂਚ ਅਤੇ ਇਲਾਜ ਪ੍ਰਬੰਧਨ ਸਬੰਧੀ ਗਾਈਡਲਾਈਨਜ ਬਾਰੇ ਦੱਸਿਆ। ਉਨ੍ਹਾਂ ਕਿਹਾ ਕਿ ਜੇਕਰ ਦੋ ਹਫ਼ਤਿਆਂ ਤੋਂ ਵੱਧ ਸਮੇਂ ਤੱਕ ਖੰਘ, ਪਸੀਨੇ ਦੇ ਨਾਲ ਬੁਖਾਰ, ਤੇਜ਼ੀ ਨਾਲ ਭਾਰ ਘਟਣਾ, ਭੁੱਖ ਨਾ ਲੱਗਣਾ, ਥੁੱਕ ਵਿੱਚ ਖ਼ੂਨ ਆਉਣਾ ਵਰਗੇ ਲੱਛਣ ਹਨ, ਤਾਂ ਨਜ਼ਦੀਕੀ ਸਿਹਤ ਕੇਂਦਰ ਵਿੱਚ ਟੀ.ਬੀ.ਦੀ ਜਾਂਚ



ਜ਼ਰੂਰ ਕਰਵਾਉਣੀ ਚਾਹੀਦੀ ਹੈ। ਟੀ.ਬੀ. ਦੀ ਸ਼ੁਰੂਆਤੀ ਜਾਂਚ, ਪਛਾਣ ਅਤੇ ਇਲਾਜ ਨਾਲ, ਇਸ ਬਿਮਾਰੀ ਨੂੰ ਪੂਰੀ ਤਰ੍ਹਾਂ ਠੀਕ ਕੀਤਾ ਜਾ ਸਕਦਾ ਹੈ। ਬੱਚਿਆਂ ਵਿੱਚ ਇਸਦੀ ਸ਼ੁਰੂਆਤ ਵਿੱਚ ਪਛਾਣ ਕਰਨਾ ਬਹੁਤ ਜ਼ਰੂਰੀ ਹੈ।

ਟ੍ਰੇਨਿੰਗ ਦੌਰਾਨ ਪਿਮਸ ਤੋਂ ਮਾਸਟਰ ਟ੍ਰੇਨਰ ਡਾ. ਹਰਮੇਸ਼ ਸਿੰਘ ਬੈਂਸ ਨੇ ਕਿਹਾ ਕਿ ਮੈਡੀਕਲ ਅਫ਼ਸਰਾਂ ਤੇ ਸਟਾਫ ਨਰਸਾਂ ਨੂੰ ਬੱਚਿਆਂ ਵਿੱਚ ਟੀਬੀ ਦੇ ਲੱਛਣਾਂ ਦੀ ਪਛਾਣ, ਇਲਾਜ, ਮਹੱਤਤਾ ਅਤੇ ਟੀਬੀ ਟੈਸਟਿੰਗ ਦੀ ਪ੍ਰਕ੍ਰਿਆ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਇਸ ਮੌਕੇ ਡਾ.ਹਰਜੋਤ ਬੱਚਿਆਂ ਦੇ ਰੋਗਾਂ ਦੇ ਮਾਹਿਰ, ਤਰਸੇਮ ਲਾਲ ਡਿਪਟੀ ਸਮੂਹ ਸਿੱਖਿਆ ਤੇ ਸੂਚਨਾ ਅਫਸਰ, ਡਾ. ਜੋਤੀ ਬਾਲਾ ਜਿਲ੍ਹਾ ਏ.ਸੀ.ਐਫ.ਕੋਆਰਡੀਨੇਟਰ, ਜੋਤੀ ਪੀ.ਪੀ. ਐਸ.ਏ. ਆਪਰੇਸ਼ਨਲ ਲੀਡ ਮੌਜੂਦ ਸਨ।

# ਸਕੈਨਿੰਗ ਸੈਂਟਰਾਂ ਦੀ ਕੀਤੀ ਜਾਵੇਗੀ ਜਾਂਚ-ਸਿਵਲ ਸਰਜਨ



ਫ਼ਗਵਾੜਾ-ਕਪੂਰਥਲਾ (ਸੁਸ਼ੀਲ ਸ਼ਰਮਾ) ਸਿਵਲ ਸਰਜਨ ਡਾ.ਰਿਚਾ ਭਾਟੀਆ ਦੀ ਅਗਵਾਈ ਵਿਚ ਅੱਜ ਪੀ.ਸੀ.ਪੀ.ਐਨ.ਡੀ.ਟੀ ਦੀ ਐਕਟ ਅਧੀਨ ਗਠਤ ਕੀਤੀ ਜ਼ਿਲ੍ਹਾ ਸਲਾਹਕਾਰ ਕਮੇਟੀ ਦੀ ਮੀਟਿੰਗ ਕੀਤੀ ਗਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਸਿਵਲ ਸਰਜਨ ਡਾ.ਰਿਚਾ ਭਾਟੀਆ ਨੇ ਦੱਸਿਆ ਕਿ ਜ਼ਿਲ੍ਹੇ ਚ ਪੀ.ਸੀ.ਪੀ.ਐਨ.ਡੀ.ਟੀ ਐਕਟ ਤਹਿਤ ਸਿਹਤ ਵਿਭਾਗ ਦੀ ਟੀਮ ਵਲੋਂ ਸਕੈਨਿੰਕ ਸੈਂਟਰਾਂ ਦੀ ਸਮੇਂ-ਸਮੇਂ ਤੇ ਜਾਂਚ ਕੀਤੀ ਜਾਂਦੀ ਹੈ,ਤਾਂ ਕੰਨਿਆ ਭਰੂਣ ਹੱਤਿਆ ਨੂੰ ਰੋਕਿਆ ਜਾ ਸਕੇ । ਉਨ੍ਹਾਂ ਸਾਰੇ ਸਕੈਨਿੰਗ ਸੈਂਟਰਾਂ ਨੂੰ ਹਦਾਇਤ ਕਰਦਿਆ ਕਿਹਾ ਕਿ ਜੇਕਰ ਕੋਈ ਵੀ ਭਰੂਣ ਜਾਂਚ ਕਰਦਾ ਪਾਇਆ ਗਿਆ ਤਾਂ ਉਸ ਨੂੰ ਬਖਸ਼ਿਆ ਨਹੀਂ ਜਾਵੇਗਾ ਅਤੇ ਸਕੈਨਿੰਗ ਸੈਂਟਰ ਦੀ ਰਜਿਸਟ੍ਰੇਸ਼ਨ ਰੱਦ ਕਰਕੇ ਕਨੂੰਨੀ ਕਾਰਵਾਈ ਵੀ ਕੀਤੀ ਜਾਵੇਗੀ।

ਮੀਟਿੰਗ ਚ ਡੀ.ਐਫ.ਪੀ.ਓ.ਡਾਅਸ਼ੋਕ ਕੁਮਾਰ,ਡਾ.ਸਿੰਮੀ ਧਵਨ, ਡਾ.ਹਰਪ੍ਰੀਤ ਮੋਮੀ, ਡਾਅਰਸ਼ਬੀਰ ਕੌਰ,ਜ਼ਿਲ੍ਹਾ ਅਟਾਰਨੀ ਕਪੂਰਥਲਾ ਵਿਸ਼ਾਲ ਅਨੰਦ, ਪ੍ਰੋਮਿਲਾ ਅਰੋੜਾ ਸੋਸ਼ਲ ਵਰਕਰ, ਡਾ. ਰਾਜ ਕੁਮਾਰ ਸੋਸ਼ਲ ਵਰਕਰ,ਸੀਡੀਪੀਓ ਕਪੂਰਥਲਾ ਨਤਾਸ਼ਾ ਸਾਗਰ,ਡਿਪਟੀ ਮਾਸ ਮੀਡੀਆ ਅਫ਼ਸਰ ਕਮ ਪੀ.ਐਨ. ਡੀ.ਟੀ. ਕੁਆਰਡੀਨੇਟਰ ਸ਼ਰਨਦੀਪ ਸਿੰਘ ਆਦਿ ਹਾਜ਼ਰ ਸਨ।

# ਪੰਜਾਬ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਜ਼ਿਲ੍ਹਾ ਗੁਰਦਾਸਪੁਰ ਦੇ ਪ੍ਰਧਾਨ ਸ.ਜਵੰਦ ਸਿੰਘ ਦੇ ਬੇਟੇ ਤੇ ਗੋਲੀ ਚਲਾਉਣ ਦੀ ਪੁਰਜੋਰ ਨਿਖੇਧੀ




ਗੁਰਦਾਸਪੁਰ -ਨਵਨੀਤ ਕੁਮਾਰ- ਪੰਜਾਬ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਜ਼ਿਲ੍ਹਾ ਗੁਰਦਾਸਪੁਰ ਦੇ ਪ੍ਰਧਾਨ ਸ ਜਵੰਦ ਸਿੰਘ ਜਿਨ੍ਹਾਂ ਦੀ ਇੱਕ ਮੋਟਰਸਾਈਕਲ ਆਦਿ ਦੀ ਦੁਕਾਨ ਸਠਿਆਲੀ ਪੁਲ ਤੇ ਹੈ ਪਿਛਲੇ ਕੱਲ ਉਹ ਖ਼ੁਦ ਲੁਧਿਆਣਾ ਵਿਖੇ ਪੈਨਸ਼ਨਰਜ਼ ਜੁਆਇੰਟ ਫਰੰਟ ਦੀ ਪੰਜਾਬ ਪੱਧਰੀ ਚੋਣ ਵਿੱਚ ਭਾਗ ਲੈਣ ਹਿਤ ਗਏ ਹੋਏ ਸਨ ਉਨ੍ਹਾਂ ਦੇ ਬਾਹਰ ਹੋਣ ਕਾਰਨ ਉਨ੍ਹਾਂ ਦਾ ਬੇਟਾ ਸ.ਇਕਬਾਲ ਸਿੰਘ ਸ਼ਾਮ ਨੂੰ ਦੁਕਾਨ ਬੰਦ ਕਰ ਰਿਹਾ ਸੀ ਜਿਸ ਦੌਰਾਨ ਕੁਝ ਲੁਟੇਰਿਆਂ ਵੱਲੋਂ ਲੁੱਟ ਦੀ ਨੀਤ ਨਾਲ ਉਸ ਉੱਤੇ ਗੋਲੀ ਚਲਾ ਦਿੱਤੀ ਗਈ, ਜੋ ਉਸ ਦੇ ਪੇਟ ਵਿੱਚ ਲੱਗੀ ਅਤੇ ਉਹ ਗੰਭੀਰ ਜ਼ਖ਼ਮੀ ਹੋ ਗਿਆ। ਉਸ ਦੀ ਗੰਭੀਰ ਹਾਲਤ ਨੂੰ ਦੇਖਦਿਆਂ ਸਥਾਨਕ ਹਸਪਤਾਲ ਵੱਲੋਂ ਉਸ ਨੂੰ ਅਮਰਿਤਸਰ ਭੇਜ ਦਿੱਤਾ ਗਿਆ। ਪੰਜਾਬ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਜ਼ਿਲ੍ਹਾ ਗੁਰਦਾਸਪੁਰ ਦੇ ਸਮੂਹ ਪੈਨਸ਼ਨਰਾਂ ਵੱਲੋਂ ਇਸ ਘਟਨਾ ਦੀ ਜ਼ੋਰਦਾਰ ਨਿਖੇਧੀ ਕੀਤੀ ਗਈ ਅਤੇ ਪੰਜਾਬ ਸਰਕਾਰ ਕੋਲੋਂ ਲੋਕਾਂ ਦੀ ਜਾਨ-ਮਾਲ ਦੀ ਰਾਖੀ ਜੋ ਕਿ ਸਰਕਾਰ ਦੀ ਜ਼ੁੰਮੇਵਾਰੀ ਬਣਦੀ ਹੈ ਕਰਨ ਦੀ ਮੰਗ ਕੀਤੀ ਗਈ ਅਤੇ ਅਜਿਹੀਆਂ ਮਾਰ-ਕਾਟ ਦੀਆਂ ਦਿਨੋਂਦਿਨ ਵਧ ਰਹੀਆਂ ਘਟਨਾਵਾਂ ਸਬੰਧੀ ਗਹਿਰੀ ਚਿੰਤਾ ਜਤਾਈ ਗਈ ਅਤੇ ਸਰਕਾਰ ਤੋਂ ਮੰਗ ਕੀਤੀ ਗਈ ਕਿ ਲੁਟੇਰਿਆਂ ਨੂੰ ਫੌਰਨ ਕਾਬੂ ਕਰਕੇ ਮਿਸਾਲੀ ਸਜ਼ਾਵਾਂ ਦਿੱਤੀਆਂ ਜਾਣ ਤਾਂਕਿ ਦੁਬਾਰਾ ਕੋਈ ਅਜਿਹਾ ਹੀਆ ਕਰਨ ਦੀ ਹਿੰਮਤ ਨਾ ਕਰੇ।ਇਸ ਮੌਕੇ ਐਸੋਸੀਏਸ਼ਨ ਦੇ ਪ੍ਰਮੁੱਖ ਆਗੂ ਸਾਥੀ ਸਵਿੰਦਰ ਸਿੰਘ ਔਲਖ ਜਨਰਲ ਸਕੱਤਰ, ਸੁਰੇਸ਼ ਸ਼ਰਮਾ,ਅਵਨਾਸ਼ ਸਿੰਘ ਪ੍ਰਧਾਨ, ਮੱਖਣ ਕੁਹਾੜ,
ਮੰਗਤ ਚੰਚਲ ਅਮਰਜੀਤ ਸਿੰਘ ਸੈਣੀ, ਪ੍ਰਕਾਸ਼ ਚੰਦ, ਪਿਆਰਾ ਸਿੰਘ ਡਡਵਾਂ, ਮੰਗਤ ਚੰਚਲ, ਵਿਨੋਦ ਸ਼ਰਮਾ, ਸ ਗੁਰਬਚਨ ਸਿੰਘ, ਕੁਲਦੀਪ ਸਿੰਘ, ਸੁਭਾਸ਼ ਚੰਦਰ,ਜੋਗਿੰਦਰ ਪਾਲ ਕਲੀਜਪੁਰ,ਗਿਆਨੀ ਮਹਿੰਦਰ ਸਿੰਘ,ਕਪੂਰ ਸਿੰਘ ਘੁੰਮਣ,ਰਘਬੀਰ ਸਿੰਘ ਚਾਹਲ ਆਦਿ ਵੱਲੋਂ ਪਰਿਵਾਰ ਨੂੰ ਵੀ ਵਿਸ਼ਵਾਸ ਦਿਵਾਇਆ ਗਿਆ ਕਿ ਪੈਨਸ਼ਨਰ ਐਸੋਸੀਏਸ਼ਨ ਪਰਿਵਾਰ ਨਾਲ ਡਟ ਕੇ ਖੜੀ ਹੈ ਅਤੇ ਅਤੇ ਇਨਸਾਫ਼ ਦੀ ਪ੍ਰਾਪਤੀ ਹਿਤ ਪੂਰੀ ਲੜਾਈ ਲੜੀ ਜਾਵੇਗੀ।

# ਸੰਸਦ ਮੈਂਬਰ ਸੰਜੀਵ ਅਰੋੜਾ ਨੇ ਮੰਤਰੀ ਹਰਜੋਤ ਬੈਂਸ ਨੂੰ ਐਸਸੀਡੀ ਸਰਕਾਰੀ ਕਾਲਜ, ਲੁਧਿਆਣਾ ਵਿੱਚ ਪ੍ਰਿੰਸੀਪਲ ਨਿਯੁਕਤ ਕਰਨ ਦੀ ਕੀਤੀ ਅਪੀਲ



ਲੁਧਿਆਣਾ,( ਸੁਖਚੈਨ ਮਹਿਰਾ, ਨਰੇਸ਼ ਹੰਸ)ਸੰਸਦ ਮੈਂਬਰ (ਰਾਜ ਸਭਾ) ਸੰਜੀਵ ਅਰੋੜਾ ਨੇ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੂੰ ਇੱਕ ਬੇਨਤੀ ਪੱਤਰ ਸੌਂਪਿਆ ਹੈ, ਜਿਸ ਵਿੱਚ ਐਸਸੀਡੀ ਸਰਕਾਰੀ ਕਾਲਜ ਫਾਰ ਬੁਆਏਜ਼, ਲੁਧਿਆਣਾ ਵਿੱਚ ਪ੍ਰਿੰਸੀਪਲ ਦੀ ਨਿਯੁਕਤੀ ਦੀ ਬੇਨਤੀ ਕੀਤੀ ਗਈ ਹੈ।

ਆਪਣੇ ਪੱਤਰ ਵਿੱਚ, ਅਰੋੜਾ ਨੇ ਕਾਲਜ ਵਿੱਚ ਪ੍ਰਿੰਸੀਪਲ ਦੀ ਨਿਯੁਕਤੀ ਦੀ ਤੁਰੰਤ ਲੋੜ ਨੂੰ ਉਜਾਗਰ ਕੀਤਾ ਹੈ, ਜਿੱਥੇ ਇਹ ਅਹੁਦਾ 31 ਅਗਸਤ, 2024 ਤੋਂ ਖਾਲੀ ਹੈ।

ਉਨ੍ਹਾਂ ਲਿਖਿਆ: ਕਾਲਜ ਨੂੰ ਕੁਸ਼ਲਤਾ ਨਾਲ ਚਲਾਉਣ ਲਈ ਇੱਕ ਨਿਯਮਤ ਪ੍ਰਿੰਸੀਪਲ ਦੀ ਲੋੜ ਹੁੰਦੀ ਹੈ, ਖਾਸ ਕਰਕੇ ਕਿਉਂਕਿ ਉਹ ਸਿੱਖਿਆ, ਵਿਦਿਆਰਥੀ ਭਲਾਈ, ਹੋਸਟਲ ਪ੍ਰਬੰਧਨ ਅਤੇ ਹੋਰ ਬਹੁਤ ਕੁਝ ਦੀ ਨਿਗਰਾਨੀ ਕਰਦੇ ਹਨ।

ਅਰੋੜਾ ਨੇ ਕਿਹਾ ਕਿ ਇਸ ਵੱਕਾਰੀ ਕਾਲਜ ਦੇ ਸਾਬਕਾ ਵਿਦਿਆਰਥੀ ਹੋਣ ਦੇ ਨਾਤੇ, ਉਹ ਨਾ ਸਿਰਫ਼ ਆਪਣੇ ਨਿੱਜੀ ਵਿਕਾਸ ਵਿੱਚ, ਸਗੋਂ ਸਮਾਜ ਦੀ ਤਰੱਕੀ ਵਿੱਚ ਵੀ ਕਾਲਜ ਦੇ ਯੋਗਦਾਨ ਦੀ ਬਹੁਤ ਕਦਰ ਕਰਦੇ ਹਨ।

ਐਮਪੀ ਅਰੋੜਾ ਨੇ ਨਿਯੁਕਤੀ ਪ੍ਰਕਿਰਿਆ ਨੂੰ ਤੇਜ਼ ਕਰਨ ਲਈ ਮੰਤਰੀ ਦੇ ਤੁਰੰਤ ਦਖਲ ਦੀ ਮੰਗ ਕੀਤੀ ਹੈ।

ਇਹ ਜ਼ਿਕਰਯੋਗ ਹੈ ਕਿ ਸੰਸਦ ਮੈਂਬਰ ਅਰੋੜਾ ਨੇ ਖੁਦ ਇਹ ਪੱਤਰ ਮੰਤਰੀ ਨੂੰ ਸੌਂਪਿਆ ਸੀ। ਮੰਤਰੀ ਨੇ ਐਮ.ਪੀ. ਅਰੋੜਾ ਨੂੰ ਭਰੋਸਾ ਦਿੱਤਾ ਕਿ ਉਨ੍ਹਾਂ ਦੀ ਬੇਨਤੀ ਤੇ ਪਹਿਲ ਦੇ ਆਧਾਰ ਤੇ ਵਿਚਾਰ ਕੀਤਾ ਜਾਵੇਗਾ।

# ਕਾਂਗਰਸ ਪਾਰਟੀ ਸਰਕਾਰ ਦੀਆਂ ਨਾਕਾਮੀਆਂ ਲੋਕਾਂ ਵਿਚ ਲੈਕੇ ਜਾਵੇਗੀ- ਸਾਬਕਾ ਵਿਧਾਇਕ ਰਕੇਸ਼ ਪਾਂਡੇ

ਲੁਧਿਆਣਾ (ਸੁਖਚੈਨ ਮਹਿਰਾ,ਨਰੇਸ਼ ਹੰਸ) ਕਾਂਗਰਸ ਪਾਰਟੀ ਦੇ ਸੀਨੀਅਰ ਆਗੂਆਂ ਦੀ ਇੱਕ ਵਿਸ਼ੇਸ਼ ਮੀਟਿੰਗ ਸਾਬਕਾ ਕੌਂਸਲਰ ਰਘਵੀਰ ਸਿੰਘ ਬੀਰਾ ਅਤੇ ਬਾਬੂ ਹੰਸ ਰਾਜ ਦੀ ਅਗਵਾਈ ਹੇਠ ਅੰਬੇਡਕਰ ਭਵਨ ਜਲੰਧਰ ਬਾਈਪਾਸ ਵਿਖੇ ਹੋਈ। ਇਸ ਮੀਟਿੰਗ ਦੌਰਾਨ ਉੱਤਰੀ ਤੋਂ ਸੀਨੀਅਰ ਕਾਂਗਰਸੀ ਆਗੂਆਂ ਜਿਨਾਂ ਵਿੱਚ ਅਮਰਜੀਤ ਜੀਤਾ ,ਰੇਸ਼ਮ ਸਿੰਘ ਨੱਤ , ਦੀਪਕ ਹੰਸ ,ਗੁਰਪ੍ਰੀਤ ਸਿੰਘ ਗੋਗੀ ,ਕ੍ਰਿਸ਼ਨ ਲਾਲ ਖਰਬੰਦਾ,ਕਮਲ ਸਿੱਕਾ ,ਰਿੰਕੂ ਸਿੱਧੜ ਆਦਿ ਤੋਂ ਇਲਾਵਾ ਹੋਰ ਵੀ ਵਰਕਰ ਸ਼ਾਮਲ ਹੋਏ। ਇਸ ਮੌਕੇ ਸਾਬਕਾ ਵਿਧਾਇਕ ਰਕੇਸ਼ ਪਾਂਡੇ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ। ਮੀਟਿੰਗ ਨੂੰ ਸੰਬੋਧਨ ਕਰਦਿਆਂ ਸਾਬਕਾ ਵਿਧਾਇਕ ਪਾਂਡੇ ਨੇ ਕਿਹਾ ਕਿ ਅੱਜ ਸੂਬਾ ਸਰਕਾਰ ਲਾਅ ਐਂਡ ਆਰਡਰ ਪੱਖੋਂ ਫੇਲ ਨਜ਼ਰ ਆ ਰਹੀ ਹੈ। ਉਹਨਾਂ ਕਿਹਾ ਕਿ ਅਸੀਂ ਆਪ ਪਾਰਟੀ ਦੀ ਸਰਕਾਰ ਦੀਆਂ ਨਾਕਾਮੀਆਂ ਨੂੰ ਲੋਕਾਂ ਦੇ ਵਿੱਚ ਲੈ ਕੇ ਜਾਵਾਂਗੇ ਤਾਂ ਜੋ ਪੰਜਾਬ ਦੀ ਜਨਤਾ ਦੇ ਸਾਹਮਣੇ ਇੱਕ ਸਹੀ ਤਸਵੀਰ ਆ ਸਕੇ । ਉਹਨਾਂ ਕਿਹਾ ਕਿ ਕਿਵੇਂ ਮਾਨ ਸਰਕਾਰ ਪੰਜਾਬ ਦੀ ਜਨਤਾ ਨੂੰ ਭੁਲੇਖੇ ਪਾ ਰਹੀ ਹੈ। ਜ਼ੋ ਵਾਅਦੇ ਉਨ੍ਹਾਂ ਚੋਣਾਂ ਦੌਰਾਨ ਕੀਤੇ ਸਨ ਕਿਸੇ ਇੱਕ ਵੀ ਵਾਅਦੇ ਨੂੰ ਉਨ੍ਹਾਂ ਪੂਰਿਆ ਨਹੀਂ



ਕੀਤਾ ਅਤੇ ਹਰ ਰੋਜ਼ ਨਵੇਂ ਸ਼ੋਸਿਆ ਨਾਲ ਲੋਕਾਂ ਨੂੰ ਭਰਮਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ । ਉਹਨਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਤਿੰਨ ਸਾਲ ਦੇ ਕਾਰਜਕਾਲ ਦੌਰਾਨ ਨੌਜਵਾਨਾ ਵਿੱਚ ਬੇਰੁਜ਼ਗਾਰੀ ਵਧੀ ਆਏ ਦਿਨ ਨਿੱਤ ਮਾਰਵਾੜ ਨਸ਼ਾ ਬਹੁਤ ਵਧ ਗਿਆ ਹੈ । ਸਰਕਾਰ ਦੀਆਂ ਇਨਾਂ ਨਾਕਾਮੀਆਂ ਨੂੰ ਲੈ ਕੇ ਕਾਂਗਰਸ ਪਾਰਟੀ ਲੋਕਾਂ ਨੂੰ ਜਾਗਰੂਕ ਕਰੇਗੀ। ਅਤੇ ਆਪ ਪਾਰਟੀ ਦੀ ਸਰਕਾਰ ਦੀਆਂ ਇਹਨਾਂ ਸਾਰੀਆਂ ਨਾਕਾਮੀਆਂ ਦੀ ਪੋਲ ਖੋਲੇਗੀ । ਇਸ ਮੌਕੇ ਸਾਬਕਾ ਕੌਂਸਲਰ ਰਘਵੀਰ ਸਿੰਘ ਬੀਰਾ ਨੇ ਸਭ ਆਗੂਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਸੂਬੇ ਦੇ ਲੋਕਾਂ ਨਾਲ ਕਿਵੇਂ ਬਦਸਲੂਕੀ ਤੇ ਧੱਕੇਸ਼ਾਹੀ ਹੋ ਰਹੀ ਹੈ ਇਥੋਂ ਤੱਕ ਕਿ ਕਿਵੇਂ ਇੱਕ ਆਰਮੀ ਦੇ ਕਰਨਲ ਦੀ ਬੁਰੀ ਤਰ੍ਹਾਂ ਪੁਲਿਸ ਨੇ ਮਾਰਕੁਟ ਕੀਤੀ ਹੈ। ਆਮ ਜਨਤਾ ਦਾ ਤਾਂ ਰੱਬ ਹੀ ਰਾਖਾ ਹੈ।

# ਗੁਰਦਾਸਪੁਰ ਪੁਲਿਸ ਦੇ 2 ਦੋਸ਼ੀਆਂ ਨੂੰ 2 ਪਿਸਟਲਾਂ ਸਮੇਤ ਕੀਤਾ ਕਾਬੂ

ਗੁਰਦਾਸਪੁਰ-ਨਵਨੀਤ ਕੁਮਾਰ - ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਚਲਾਏ ਜਾ ਰਹੇ ਯੁੱਧ ਨਸ਼ਿਆਂ ਵਿਰੁੱਧ ਗੁਰਦਾਸਪੁਰ ਪੁਲਿਸ ਵੱਲੋਂ ਨਸ਼ਾ ਤਸਕਰਾਂ ਵਿਰੁੱਧ ਕਾਰਵਾਈ ਲਗਾਤਾਰ ਜਾਰੀ ਹੈ। ਸੀਨੀਅਰ ਕਪਤਾਨ ਪੁਲਿਸ ਸ੍ਰੀ ਆਦਿੱਤਯ, ਆਈ.ਪੀ.ਐੱਸ. ਦੀ ਅਗਵਾਈ ਹੇਠ ਗੁਰਦਾਸਪੁਰ ਪੁਲਿਸ ਨੇ ਸਮਾਜ ਵਿਰੋਧੀ ਅਨਸਰਾਂ ਖ਼ਿਲਾਫ਼ ਕਾਰਵਾਈ ਕਰਦੇ ਹੋਏ 2 ਨੌਜਵਾਨਾਂ ਨੂੰ 2 ਪਿਸਟਲ ਸਮੇਤ ਮੈਗਜ਼ੀਨ 01 ਜ਼ਿੰਦਾ ਰੌਂਦ ਸਮੇਤ ਕਾਬੂ ਕੀਤਾ ਹੈ। ਇਸ ਸਬੰਧੀ ਪ੍ਰੈੱਸ ਨੂੰ ਜਾਣਕਾਰੀ ਦਿੰਦੇ ਹੋਏ ਡੀ.ਐੱਸ.ਪੀ. (ਸਿਟੀ) ਗੁਰਦਾਸਪੁਰ ਮੋਹਨ ਸਿੰਘ, ਐੱਸ.ਐੱਚ.ਓ. ਸਿਟੀ ਗੁਰਮੀਤ ਸਿੰਘ ਅਤੇ ਐੱਸ. ਆ ਈ . ਗੁਰਵਿੰਦਰ ਸਿੰਘ ਸਪੈਸ਼ਲ ਬਰਾਂਚ ਨੇ ਦੱਸਿਆ ਕਿ ਮਿਤੀ 18 ਮਾਰਚ 2025 ਨੂੰ ਗੁਰਦਾਸਪੁਰ ਪੁਲਿਸ ਨੂੰ ਉਸ ਸਮੇਂ ਵੱਡੀ ਕਾਮਯਾਬੀ ਹਾਸਿਲ ਹੋਈ ਜਦੋਂ ਤ੍ਰੇਹਨ ਪੈਟਰੋਲ ਪੰਪ ਜੇਲ੍ਹ ਰੋਡ ਵਿਖੇ 2 ਨੌਜਵਾਨ ਹਰਕੀਰਤ ਸਿੰਘ ਪੁੱਤਰ ਪਰਗਟ ਸਿੰਘ ਵਾਸੀ ਨਜ਼ਦੀਕ ਫਿਸ਼ ਪਾਰਕ, ਗੁਰਦਾਸਪੁਰ ਅਤੇ ਨਿਤੀਸ਼ ਗਨਵਾਰੀਆ ਪੁੱਤਰ ਤਰਲੋਕ ਕੁਮਾਰ ਵਾਸੀ ਬੇਰੀਆਂ ਮੁਹੱਲਾ ਗੁਰਦਾਸਪੁਰ ਨੂੰ ਸ਼ੱਕ ਦੇ ਬਿਨਾਹ ਤੇ ਕਾਬੂ ਕੀਤਾ ਗਿਆ, ਜਿਨ੍ਹਾਂ ਦੀ ਤਲਾਸ਼ੀ ਦੌਰਾਨ ਉਕਤਾਂ ਪਾਸੋਂ 02 ਪਿਸਟਲ ਸਮੇਤ ਮੈਗਜ਼ੀਨ 01 ਰੌਂਦ ਜ਼ਿੰਦਾ ਬਰਾਮਦ ਹੋਏ। ਉਨ੍ਹਾਂ ਦੱਸਿਆ ਕਿ ਪੁਲਿਸ ਵੱਲੋਂ ਉਕਤ ਦੋਸ਼ੀਆਂ ਦੇ ਖ਼ਿਲਾਫ਼ ਮੁਕੱਦਮਾ ਨੰਬਰ 56, ਮਿਤੀ 18 ਮਾਰਚ 2025 ਜੁਰਮ 25-54-59 ਅਸਲਾ ਐਕਟ, ਥਾਣਾ ਸਿਟੀ ਗੁਰਦਾਸਪੁਰ ਵਿਖੇ ਦਰਜ ਰਜਿਸਟਰ ਕੀਤਾ ਗਿਆ ਹੈ। ਡੀ.ਐੱਸ.ਪੀ. (ਸਿਟੀ) ਮੋਹਨ ਸਿੰਘ ਨੇ ਦੱਸਿਆ ਕਿ ਦੋਸ਼ੀਆਂ ਦਾ ਰਿਮਾਂਡ ਹਾਸਿਲ ਕਰਕੇ ਹੋਰ ਡੂੰਘਾਈ ਨਾਲ ਪੁੱਛ-ਗਿੱਛ ਕੀਤੀ ਜਾ ਰਹੀ ਹੈ ਅਤੇ ਦੋਸ਼ੀਆਂ ਕੋਲੋਂ ਹੋਰ ਖ਼ੁਲਾਸੇ ਹੋਣ ਦੀ ਸੰਭਾਵਨਾ ਹੈ। ਉਨ੍ਹਾਂ ਕਿਹਾ ਕਿ ਮਾਣਯੋਗ ਡੀ.ਜੀ.ਪੀ. ਪੰਜਾਬ ਸ੍ਰੀ ਗੌਰਵ ਯਾਦਵ, ਆਈ.ਪੀ.ਐੱਸ. ਅਤੇ ਐੱਸ. ਐੱਸ.ਪੀ. ਗੁਰਦਾਸਪੁਰ ਸ੍ਰੀ ਆਦਿੱਤਿਯ, ਆਈ.ਪੀ.ਐੱਸ. ਦੀਆਂ ਹਦਾਇਤਾਂ ਤਹਿਤ ਨਸ਼ਾ ਤਸਕਰਾਂ ਤੇ ਸਮਾਜ ਵਿਰੋਧੀ ਅਨਸਰਾਂ ਖ਼ਿਲਾਫ਼ ਕਾਰਵਾਈ ਜਾਰੀ ਰਹੇਗੀ।

# ਪਿੰਡ ਸਾਹਨੀ 'ਚ ਅਮਿੱਟ ਯਾਦਾਂ ਛੱਡਦਾ ਸੰਪਨ ਹੋਇਆ 55ਵਾਂ ਸਲਾਨਾ ਖੇਡ ਮੇਲਾ

ਫਗਵਾੜਾ ( ਸੁਸ਼ੀਲ ਸ਼ਰਮਾ ) ਗੁਰਤੇਗ ਬਹਾਦਰ ਸਪੋਰਟਸ ਕਲੱਬ ਪਿੰਡ ਸਾਹਨੀ ਵਲੋਂ ਗ੍ਰਾਮ ਪੰਚਾਇਤ, ਐਨ.ਆਰ.ਆਈ. ਵੀਰਾਂ ਅਤੇ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਸਰਬੰਸ ਦਾਨੀ ਸਾਹਿਬ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਚਾਰੇ ਸਾਹਿਬਜਾਦਿਆਂ ਦੀ ਯਾਦ ਵਿਚ ਪਿੰਡ ਸਾਹਨੀ ਤਹਿਸੀਲ ਫਗਵਾੜਾ ਕਰਵਾਇਆ 55ਵੇਂ ਸਲਾਨਾ ਖੇਡ ਮੇਲਾ ਅਮਿੱਟ ਯਾਦਾਂ ਛੱਡਦਾ ਹੋਇਆ ਸੰਪਨ ਹੋ ਗਿਆ। ਖੇਡੇ ਮੇਲੇ ਦੇ ਆਖਰੀ ਦਿਨ ਫੁਟਬਾਲ ਦਾ ਫਾਈਨਲ ਮੁਕਾਬਲਾ ਹੋਇਆ। ਜਿਸ ਵਿਚ ਸਵ. ਰਾਹੁਲ ਕੁਮਾਰ ਕਲੱਬ ਸਾਹਨੀ ਨੇ ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ ਕਲੱਬ ਪਿੰਡ ਜੱਬੜ ਨੂੰ ਸ਼ਾਨਦਾਰ ਸ਼ਿਕਸਤ ਦਿੰਦੇ ਹੋਏ ਟਰਾਫੀ ਅਤੇ ਨਗਦ ਇਨਾਮ ਤੇ ਕਬਜਾ ਕੀਤਾ। ਇਸ ਮੌਕੇ ਵਿਸ਼ੇਸ਼ ਤੌਰ ਤੇ ਪਹੁੰਚੇ ਸਾਂਈ ਕਰਨੈਲ ਸ਼ਾਹ ਗੱਦੀ ਨਸ਼ੀਨ ਦਰਬਾਰ ਧੰਨ ਧੰਨ ਨੂਰ-ਏ-ਖੁਦਾ ਬਾਬਾ ਮੰਗੂ ਸ਼ਾਹ ਜੀ ਪਿੰਡ ਸਾਹਨੀ, ਪੰਡਿਤ ਮਹੇਸ਼ ਚੰਦਰ ਸਾਹਨੀ, ਸਰਪੰਚ ਬਲਜ਼ਿੰਦਰ ਕੌਰ ਬਾਂਸਲ ਪਤਨੀ ਸੁਖਦੇਵ ਸਿੰਘ ਬਾਂਸਲ ਅਤੇ ਗੁਰਮੀਤ ਸਿੰਘ ਕਨੇਡਾ ਨੇ ਜੇਤੂ ਟੀਮ ਨੂੰ ਟਰਾਫੀ ਦੇ ਨਾਲ ਇਕ ਲੱਖ ਰੁਪਏ ਨਗਦ ਭੇਂਟ ਕੀਤੇ। ਉਪ ਜੇਤੂ ਟੀਮ ਨੂੰ 70 ਹਜਾਰ ਰੁਪਏ ਅਤੇ ਟਰਾਫੀ ਭੇਂਟ ਕੀਤੀ ਗਈ। ਸਾਂਈ ਕਰਨੈਲ ਸ਼ਾਹ ਨੇ ਪ੍ਰਬੰਧਕਾਂ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਖੇਡਾਂ ਨਾਲ ਜਿੱਥੇ ਸ਼ਰੀਰ ਨੂੰ ਤੰਦਰੁਸਤ ਰੱਖਣ ਦੀ ਸੇਧ ਮਿਲਦੀ






ਹੈ, ਉੱਥੇ ਹੀ ਖੇਡਾਂ ਜੀਵਨ ਵਿਚ ਸੰਘਰਸ਼ ਕਰਨ ਦੀ ਸ਼ਕਤੀ ਵੀ ਪ੍ਰਦਾਨ ਕਰਦੀਆਂ ਹਨ। ਕਮੇਟੀ ਪ੍ਰਧਾਨ ਬਲਿਹਾਰ ਸਿੰਘ ਕਾਹਲੋਂ, ਦਵਿੰਦਰ ਪਾਲ, ਹਰਵਿੰਦਰ ਸਿੰਘ ਸਨੀ, ਇੰਦਰਜੀਤ ਸਿੰਘ, ਕਮਲਜੀਤ ਸਿੰਘ ਕਾਹਲੋਂ, ਬਲਜਿੰਦਰ ਸਿੰਘ, ਕੁਲਬੀਰ ਸਿੰਘ, ਗੁਰਵਿੰਦਰ ਸਿੰਘ ਗੋਪੀ ਅਤੇ ਮਨਜਿੰਦਰ ਸਿੰਘ ਮਿੱਦੂ ਨੇ ਖੇਡ ਮੇਲੇ ਨੂੰ ਸਫਲ ਬਨਾਉਣ ਵਿਚ ਸਹਿਯੋਗ ਲਈ ਐਨ.ਆਰ.ਆਈ. ਵੀਰਾਂ, ਗ੍ਰਾਮ ਪੰਚਾਇਤ ਅਤੇ ਖੇਡ ਪ੍ਰੇਮੀਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ। ਉਹਨਾਂ ਦੱਸਿਆ ਕਿ ਇਸ ਸਲਾਨਾ ਖੇਡ ਮੇਲੇ ਦਾ ਮਕਸਦ ਨੌਜਵਾਨਾਂ ਨੂੰ ਨਸ਼ਿਆਂ ਤੋਂ ਰਹਿਤ ਰਹਿੰਦੇ ਹੋਏ ਖੇਡਾਂ ਵੱਲ ਉਤਸ਼ਾਹਤ ਕਰਨਾ ਅਤੇ ਹੋਣਹਾਰ ਖਿਡਾਰੀਆਂ ਨੂੰ ਅੱਗੇ ਵੱਧਣ ਦਾ ਮੌਕਾ ਦੇਣਾ ਹੈ ਤਾਂ ਜੋ ਉਹ ਪੰਜਾਬ ਦਾ ਨਾਮ ਦੇਸ਼ ਦੁਨੀਆ ਵਿਚ ਰੌਸ਼ਨ ਕਰ ਸਕਣ। ਪ੍ਰਬੰਧਕਾਂ ਵਲੋਂ ਮਹਿਮਾਨਾਂ ਪਤਵੰਤਿਆਂ ਅਤੇ ਸਹਿਯੋਗੀਆਂ ਨੂੰ ਯਾਦਗਾਰੀ ਚਿੰਨ੍ਹ ਭੇਂਟ ਕਰਕੇ ਸਨਮਾਨਤ ਵੀ ਕੀਤਾ ਗਿਆ। ਇਸ ਮੌਕੇ ਸਾਬਕਾ ਸਰਪੰਚ ਸਤਨਾਮ ਸਿੰਘ ਸਾਹਨੀ, ਜਸਵਿੰਦਰ ਕੌਰ ਪੰਚ, ਸਤਨਾਮ ਸਿੰਘ ਪੰਚ, ਮੋਨਿਕਾ ਸ਼ਰਮਾ ਪੰਚ, ਰਾਜਵਿੰਦਰ ਕੌਰ ਪੰਚ, ਮੇਜਰ ਸਿੰਘ, ਪਲਵਿੰਦਰ ਸਿੰਘ, ਮੋਹਨ ਸਿੰਘ, ਜਰਨੈਲ ਸਿੰਘ ਸਾਬਕਾ ਪੰਚ, ਮਨਜੀਤ ਸਿੰਘ, ਜਥੇਦਾਰ ਰਣਜੀਤ ਸਿੰਘ ਰਾਣਾ, ਸੁਰਜੀਤ ਸਿੰਘ ਸਾਹਨੀ, ਰੰਮੀ ਕਾਹਲੋਂ ਕਨੇਡਾ, ਮਾਸਟਰ ਅਜੀਤ ਸਿੰਘ ਖਾਲਸਾ, ਅਮਰੀਕ ਸਿੰਘ ਮੀਕਾ, ਚੁੰਨੀ ਰਾਮ ਨਿੱਕਾ, ਜਤਿੰਦਰ ਕੌਸ਼ਲ, ਨਰੇਸ਼ ਕੁਮਾਰ, ਮਨਜੀਤ ਸਿੰਘ, ਸ਼ਿਵ ਕੁਮਾਰ, ਸਰਵਣ ਸਿੰਘ ਆਦਿ ਹਾਜਰ ਸਨ।

# ਆਈਡਬਲਯੂਸੀ ਚੰਡੀਗੜ੍ਹ ਸਿਟੀ ਬਿਊਟੀਫੁੱਲ ਨੇ ਸੈਨੇਟਰੀ ਪੈਡ ਵੈਂਡਿੰਗ ਮਸ਼ੀਨ ਲਗਾਈ

ਚੰਡੀਗੜ੍ਹ। ਆਈਡਬਲਯੂਸੀ ਚੰਡੀਗੜ੍ਹ ਸਿਟੀ ਬਿਊਟੀਫੁੱਲ ਨੇ ਮਹਾਰਿਸ਼ੀ ਦਯਾਨੰਦ ਪਬਲਿਕ ਸਕੂਲ, ਐਮਡੀਏਵੀ ਭਵਨ, ਦਰਿਆ, ਚੰਡੀਗੜ੍ਹ ਵਿਖੇ ਸੈਨੇਟਰੀ ਪੈਡ ਵੈਂਡਿੰਗ ਮਸ਼ੀਨ ਲਗਾਈ। ਇਸ ਸਮਾਜਿਕ ਸੰਸਥਾ ਨੇ ਵਿਦਿਆਰਥਣਾਂ ਨੂੰ ਮਾਹਵਾਰੀ ਬਾਰੇ ਜਾਗਰੂਕ ਕੀਤਾ।





ਮਸ਼ੀਨ ਵਿੱਚ ਸੈਨੇਟਰੀ ਪੈਡ ਰੱਖੇ ਗਏ ਹਨ। ਵਿਦਿਆਰਥੀ ਜਦੋਂ ਵੀ ਲੋੜ ਹੋਵੇ ਉਹਨਾਂ ਦੀ ਵਰਤੋਂ ਕਰ ਸਕਦੇ ਹਨ। ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਪ੍ਰਧਾਨ ਅਨੀਤਾ ਮਿੱਢਾ ਨੇ ਕਿਹਾ ਕਿ ਮਾਹਵਾਰੀ ਦੌਰਾਨ ਸਫਾਈ ਨੂੰ ਨਜ਼ਰਅੰਦਾਜ਼ ਨਹੀਂ ਕੀਤਾ ਜਾਣਾ ਚਾਹੀਦਾ। ਮਾਹਵਾਰੀ ਇੱਕ ਅਜਿਹੀ ਪ੍ਰਕਿਰਿਆ ਹੈ ਜਿਸ ਵਿੱਚੋਂ ਕੁੜੀਆਂ ਨੂੰ ਹਰ ਮਹੀਨੇ ਲੰਘਣਾ ਪੈਂਦਾ ਹੈ। ਜਦੋਂ ਕਿਸ਼ੋਰ ਕੁੜੀਆਂ ਨੂੰ ਮਾਹਵਾਰੀ ਸ਼ੁਰੂ ਹੁੰਦੀ ਹੈ, ਤਾਂ ਉਨ੍ਹਾਂ ਲਈ ਆਪਣਾ ਧਿਆਨ ਰੱਖਣਾ ਬਹੁਤ ਜ਼ਰੂਰੀ ਹੁੰਦਾ ਹੈ। ਪਰ ਅੱਜ ਵੀ ਸਾਡੇ ਸਮਾਜ ਵਿੱਚ ਇਸ ਬਾਰੇ ਖੁੱਲ੍ਹ ਕੇ ਚਰਚਾ ਨਹੀਂ ਕੀਤੀ ਜਾਂਦੀ। ਆਈਡਬਲਯੂਸੀ ਚੰਡੀਗੜ੍ਹ ਸਿਟੀ ਬਿਊਟੀਫੁੱਲ ਇਸ ਦਿਸ਼ਾ ਵਿੱਚ ਜਾਗਰੂਕਤਾ ਫੈਲਾ ਰਿਹਾ ਹੈ। ਉਪ ਪ੍ਰਧਾਨ ਸਰਵਣੀ ਦੱਤ ਨੇ ਕਿਹਾ ਕਿ ਸੈਨੇਟਰੀ ਪੈਡਾਂ ਦੀ ਵਰਤੋਂ ਕਰਨ ਤੋਂ ਬਾਅਦ, ਉਨ੍ਹਾਂ ਦਾ ਸਹੀ ਢੰਗ ਨਾਲ ਨਿਪਟਾਰਾ ਕਰਨਾ ਚਾਹੀਦਾ ਹੈ। ਇਸਨੂੰ ਟਾਇਲਟ ਵਿੱਚ ਫਲੱਸ਼ ਨਾ ਕਰੋ। ਇਸ ਤਰ੍ਹਾਂ ਕਰਨ ਨਾਲ ਸੀਵਰੇਜ ਬੰਦ ਹੋ ਜਾਂਦਾ ਹੈ। ਸਕੂਲ ਦੇ ਵਾਈਸ ਪ੍ਰਿੰਸੀਪਲ, ਡਾ. ਪ੍ਰਿੰਸੀਪਲ ਅੰਜੂ ਮੋਦਗਿਲ ਨੇ ਸੈਨੇਟਰੀ ਪੈਡ ਵੈਂਡਿੰਗ ਮਸ਼ੀਨ ਲਗਾਉਣ ਲਈ ਆਈਡਬਲਯੂਸੀ ਚੰਡੀਗੜ੍ਹ ਸਿਟੀ ਬਿਊਟੀਫੁੱਲ ਦਾ ਧੰਨਵਾਦ ਕੀਤਾ। ਇਸ ਮੌਕੇ ਸੰਯੁਕਤ ਸਕੱਤਰ ਕੁਲਵਿੰਦਰ ਕੌਰ ਅਤੇ ਸੁਮਨ ਗੁਪਤਾ ਵੀ ਮੌਜੂਦ ਸਨ।

# ਜ਼ਿਲ੍ਹਾ ਮੈਜਿਸਟਰੇਟ ਵੱਲੋਂ ਸਕੂਲੀ ਪ੍ਰੀਖਿਆਵਾਂ ਦੇ ਮੱਦੇਨਜ਼ਰ, ਪ੍ਰੀਖਿਆ ਕੇਂਦਰਾਂ ਦੁਆਲੇ ਲੋਕਾਂ ਦੇ ਇਕੱਠ ਤੇ ਪਾਬੰਦੀ ਦੇ ਹੁਕਮ ਜਾਰੀ




ਮਾਲੇਰਕੋਟਲਾ 17 ਮਾਰਚ(ਕਿੰਮੀ ਅਰੋੜਾ,ਅਸਲਮ ਨਾਜ਼) ਸਕੱਤਰ, ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਮੈਰੀਟੋਰੀਅਸ ਅਤੇ ਸਕੂਲ ਆਫ ਐਮੀਨੈਂਸ ਵਿੱਚ ਨੌਵੀਂ ਅਤੇ ਗਿਆਰਵੀਂ ਸ਼੍ਰੇਣੀ ਦੇ ਦਾਖਲੇ ਲਈ ਪ੍ਰਵੇਸ਼ ਪ੍ਰੀਖਿਆ ਕਰਵਾਈ ਜਾ ਰਹੀ ਹੈ। ਬੋਰਡ ਵੱਲੋਂ ਨੌਵੀਂ ਸ਼੍ਰੇਣੀ ਲਈ ਮਿਤੀ 16 ਮਾਰਚ 2025 ਅਤੇ ਗਿਆਰਵੀਂ ਸ਼੍ਰੇਣੀ ਲਈ ਮਿਤੀ 6 ਅਪ੍ਰੈਲ 2025 ਨੂੰ ਸਵੇਰੇ 11 ਵਜੇ ਤੋਂ 2 ਵਜੇ ਤੱਕ ਜਿਲ੍ਹਾ ਮਾਲੇਰਕੋਟਲਾ ਵਿਖੇ ਕੁੱਲ 5 ਸੈਂਟਰਾਂ ਵਿੱਚ ਕਰਵਾਈ ਜਾ ਰਹੀ ਹੈ। ਇਹਨਾਂ ਪ੍ਰੀਖਿਆਵਾਂ ਨੂੰ ਅਮਨ ਅਮਾਨ ਅਤੇ ਪਾਰਦਰਸ਼ੀ ਢੰਗ ਨਾਲ ਨੇਪਰੇ ਚਾੜ੍ਹਨ ਲਈ ਜ਼ਿਲ੍ਹਾ ਮੈਜਿਸਟਰੇਟ ਵਿਰਾਜ ਸ਼ਿਆਮਕਰਨ ਤਿੜਕੇ ਵੱਲੋਂ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ ਦੀ ਧਾਰਾ 163 ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਬੋਰਡ ਵੱਲੋਂ ਮਾਲੇਰਕੋਟਲਾ ਅੰਦਰ ਸਥਾਪਿਤ ਪ੍ਰੀਖਿਆ ਕੇਂਦਰਾਂ ਦੇ ਆਸ-ਪਾਸ 100 ਮੀਟਰ ਦੇ ਘੇਰੇ ਅੰਦਰ ਪੰਜ ਜਾਂ ਪੰਜ ਤੋਂ ਵੱਧ ਵਿਅਕਤੀਆਂ ਦੇ ਇੱਕਠੇ ਹੋਣ ਤੇ ਪਾਬੰਦੀ ਲਗਾਈ ਗਈ ਹੈ। ਇਹ ਹੁਕਮ ਵਿਦਿਆਰਥੀਆਂ ਅਤੇ ਡਿਊਟੀ ਸਟਾਫ ਤੇ ਤਾਇਨਾਤ ਸਰਕਾਰੀ ਅਮਲੇ ਉੱਪਰ ਲਾਗੂ ਨਹੀਂ ਹੋਣਗੇ। ਇਹ ਹੁਕਮ ਮਿਤੀ 16 ਮਾਰਚ 2025 ਅਤੇ ਮਿਤੀ 06 ਅਪ੍ਰੈਲ 2025 ਲਈ ਲਾਗੂ ਹੋਵੇਗਾ।

ਜਿਕਰਯੋਗ ਹੈ ਕਿ ਇਹ ਪ੍ਰੀਖਿਆਵਾਂ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ (ਲੜਕੇ), ਇਸਲਾਮੀਆਂ ਗਰਲਜ ਸੀਨੀਅਰ ਸੈਕੰਡਰੀ ਸਕੂਲ, ਇਸਲਾਮੀਆਂ ਕੰਬੋਜ ਸੀਨੀਅਰ ਸੈਕੰਡਰੀ ਸਕੂਲ, ਇਸਲਾਮੀਆਂ ਸੀਨੀਅਰ ਸੈਕੰਡਰੀ ਸਕੂਲ, ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ, ਮਾਲੇਰਕੋਟਲਾ ਵਿਖੇ ਕਰਵਾਈਆਂ ਜਾ ਰਹੀਆਂ ਹੈ।

# ਆਵਾਜਾਈ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਦੇ ਕੀਤੇ ਜਾ ਰਹੇ ਹਨ ਈ ਚਲਾਨ



ਮਾਲੇਰਕੋਟਲਾ 17 ਮਾਰਚ -(ਕਿੰਮੀ ਅਰੋੜਾ,ਅਸਲਮ ਨਾਜ਼)
ਐਸ.ਐਸ.ਪੀ ਮਾਲੇਰਕੋਟਲਾ ਸ. ਗਗਨ ਅਜੀਤ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਡੀ.ਐਸ.ਪੀ ਸਪੈਸ਼ਲ ਬ੍ਰਾਂਚ ਕਮ ਟਰੈਫਿਕ ਮਾਲੇਰਕੋਟਲਾ ਰਣਜੀਤ ਸਿੰਘ ਬੈਂਸ ਅਤੇ ਇੰਚਾਰਜ ਟਰੈਫਿਕ ਐਸ.ਆਈ ਬਲਵੀਰ ਸਿੰਘ ਅਤੇ ਏ.ਐਸ.ਆਈ ਗੁਰਮੁੱਖ ਸਿੰਘ ਵੱਲੋਂ ਸ਼ਹਿਰ ਵਿੱਚ ਟਰੈਫਿਕ ਸਮੱਸਿਆ ਨੂੰ ਹੱਲ ਕਰਨ ਲਈ ਹਰ ਸੰਭਵ ਯਤਨ ਕੀਤੇ ਜਾ ਰਹੇ ਹਨ। ਇਹਨਾ ਯਤਨਾਂ ਸਦਕਾਂ ਸ਼ਹਿਰ ਵਿੱਚ ਬਹੁਤ ਹੱਦ ਤੱਕ ਟਰੈਫਿਕ ਸਮੱਸਿਆ ਨੂੰ ਹੱਲ ਕੀਤਾ ਗਿਆ ਹੈ। ਸ਼ਹਿਰ ਦੇ ਲੋਕਾਂ ਦੇ ਸਹਿਯੋਗ ਸਦਕਾਂ ਟਰੈਫਿਕ ਦੀ ਸਮੱਸਿਆ ਉੱਪਰ ਕੰਟੋਰੋਲ ਕੀਤਾ ਜਾ ਰਿਹਾ ਹੈ। ਪੰਜਾਬ ਸਰਕਾਰ ਅਤੇ ਏ.ਡੀ.ਜੀ ਟਰੈਫਿਕ ਦੀਆਂ ਹਦਾਇਤਾਂ ਅਨੁਸਾਰ ਸੜਕ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਨਵੀਂ ਸ਼ੁਰੂ ਕੀਤੀ ਈ-ਚਲਾਨ ਪ੍ਰਣਾਲੀ ਰਾਹੀਂ ਟਰੈਫਿਕ ਨਿਯਮਾਂ ਦੀ ਉਲੰਘਣਾਂ ਕਰਨ ਵਾਲਿਆਂ ਦੇ ਖਿਲਾਫ ਕਾਰਵਾਈ ਕੀਤੀ ਜਾ ਰਹੀ ਹੈ। ਇਸੇ ਲੜੀ ਤਹਿਤ ਮਾਲੇਰਕੋਟਲਾ ਕੰਟਰੋਲ ਰੂਮ ਉੱਪਰ ਸਥਾਪਿਤ ਸੀ.ਸੀ.ਟੀ.ਵੀ ਕੈਮਰਿਆਂ ਰਾਹੀਂ ਟਰੈਫਿਕ ਨਿਯਮਾਂ ਦੀ ਉਲੰਘਣਾਂ ਕਰਨ ਵਾਲਿਆਂ ਦੇ ਖਿਲਾਫ ਸਖਤ ਕਾਰਵਾਈ ਕਰਦਿਆਂ ਈ-ਚਲਾਨ ਮਸ਼ੀਨ ਰਾਹੀਂ ਆਨਲਾਇਨ ਚਲਾਨ ਕੀਤੇ ਜਾ ਰਹੇ ਹਨ। ਜਿਸ ਵਿੱਚ ਮੁੱਖ ਤੌਰ ਤੇ ਟਰੈਫਿਕ ਚਲਾਨ ਤਿੰਨ ਸਵਾਰੀ, ਗਲਤ ਪਾਰਕਿੰਗ ਅਤੇ ਟਰੈਫਿਕ ਨਾਕੇ ਤੇ ਪੁਲਿਸ ਇਸ਼ਾਰੇ ਦੀ ਉਲੰਘਣਾਂ ਕਰਨ ਵਾਲਿਆਂ ਖਿਲਾਫ ਕੀਤੇ ਰਹੇ ਹਨ।

ਇਸ ਤੋਂ ਇਲਾਵਾ ਡੀ.ਐਸ.ਪੀ ਸਪੈਸ਼ਲ ਬ੍ਰਾਂਚ ਕਮ ਟਰੈਫਿਕ ਮਾਲੇਰਕੋਟਲਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪਬਲਿਕ ਲਈ ਕਾਰ ਪਾਰਕਿੰਗ ਲਈ ਸ਼ਹਿਰ ਵਿੱਚ ਵੱਖ-ਵੱਖ ਥਾਵਾਂ (ਕਾਲੀ ਮਾਤਾ ਮੰਦਰ ਦੇ ਪਿਛਲੇ ਪਾਸੇ, ਕਲੱਬ ਚੌਂਕ ਨੇੜੇ ਕੈਪੀਟਲ ਬੈਂਕ, ਸਰਹੰਦੀ ਗੇਟ ਸਾਹਮਣੇ ਇੰਪਰੂਵਮੈਂਟ ਟਰੱਸਟ ਦੀ ਜਗ੍ਹਾ ਵਿੱਚ, ਹਨੂੰਮਾਨ ਮੰਦਰ) ਤੇ ਪ੍ਰਾਈਵੇਟ ਤੌਰ ਤੇ ਪਬਲਿਕ ਦੇ ਸਹਿਯੋਗ ਨਾਲ ਕਾਰ ਪਾਰਕਿੰਗ ਖੋਲੀਆਂ ਗਈਆਂ ਹਨ। ਜਿਸ ਸਬੰਧੀ ਪਬਲਿਕ ਨੂੰ ਅਪੀਲ ਕੀਤੀ ਕਿ ਉਹ ਟਰੈਫਿਕ ਨਿਯਮਾਂ ਦੀ ਪਾਲਣਾ ਕਰਦੇ ਹੋਏ ਆਪਣੇ ਵਾਹਨਾਂ ਦੀ ਸਹੀ ਜਗ੍ਹਾ ਪਾਰਕਿੰਗ ਕਰਨ ਅਤੇ ਦੋ ਪਹੀਆ ਵਾਹਨ ਪਰ ਤਿੰਨ ਸਵਾਰੀ ਸਫਰ ਕਰਨ ਤੋਂ ਗੁਰੇਜ ਕਰਨ ਅਤੇ ਟਰੈਫਿਕ ਨਿਯਮਾਂ ਦੀ ਪਾਲਣਾ ਕਰਨ ਨੂੰ ਯਕੀਨੀ ਬਣਾਉਣ।

# ਯੂਥ ਵਾਇਸ ਫਾਊਂਡੇਸ਼ਨ ਫਗਵਾੜਾ ਦੇ ਸੇਵਾ ਕਾਰਜਾਂ ਦੀ ਐਸ.ਡੀ.ਐਮ. ਜਸ਼ਨਜੀਤ ਸਿੰਘ ਨੇ ਕੀਤੀ ਸ਼ਲਾਘਾ




ਫਗਵਾੜਾ ( ਸੁਸ਼ੀਲ ਸ਼ਰਮਾ ) ਸਮਾਜ ਸੇਵਾ ਨੂੰ ਸਮਰਪਿਤ ਫਗਵਾੜਾ ਦੇ ਪ੍ਰਸਿੱਧ ਐਨ.ਜੀ.ਓ. ਯੂਥ ਵਾਇਸ ਫਾਊਂਡੇਸ਼ਨ ਸੁਸਾਇਟੀ ਵਲੋਂ ਕੀਤੇ ਜਾ ਰਹੇ ਸਮਾਜ ਸੇਵੀ ਕਾਰਜਾਂ ਨੂੰ ਐਸ.ਡੀ.ਐਮ. ਫਗਵਾੜਾ ਜਸ਼ਨਜੀਤ ਸਿੰਘ ਵਲੋਂ ਸ਼ਲਾਘਾ ਮਿਲੀ ਹੈ। ਇਸ ਦੌਰਾਨ ਐਸ.ਡੀ.ਐਮ. ਦੀ ਮੌਜੂਦਗੀ ਵਿੱਚ ਐਨ.ਆਰ.ਆਈ. ਪਰਿਵਾਰ ਵੱਲੋਂ ਸੇਵਾ ਕਾਰਜ ਲਈ ਐਨ.ਜੀ.ਓ. ਯੂਥ ਵਾਇਸ ਫਾਊਂਡੇਸ਼ਨ ਨੂੰ ਆਰਥਕ ਮੱਦਦ ਭੇਂਟ ਕੀਤੀ ਗਈ। ਐਨ.ਜੀ.ਓ. ਦੇ ਫਾਊਂਡਰ ਪ੍ਰਧਾਨ ਗਗਨਦੀਪ ਸਿੰਘ ਢੱਟ ਨੇ ਕਿਹਾ ਕਿ ਇਹ ਰਕਮ ਲੋੜਵੰਦ ਮਰੀਜਾਂ ਦੇ ਇਲਾਜ ਲਈ ਖਰਚ ਕੀਤੀ ਜਾਵੇਗੀ। ਉਨ੍ਹਾਂ ਨੇ ਦਾਨੀਆਂ ਰਾਜਿੰਦਰ ਅਗਨੀਹੋਤਰੀ, ਜੈ ਅਗਨੀਹੋਤਰੀ ਅਤੇ ਸ਼੍ਰੀਮਤੀ ਕੇ. ਸੈਲੀ ਦਾ ਵਿੱਤੀ ਸਹਾਇਤਾ ਲਈ ਧੰਨਵਾਦ ਪ੍ਰਗਟ ਕੀਤਾ। ਉਨ੍ਹਾਂ ਕਿਹਾ ਕਿ ਜਦੋਂ ਕੋਈ ਸੇਵਾ ਕਾਰਜ ਦੀ ਪ੍ਰਸ਼ੰਸਾ ਕਰਦਾ ਹੈ ਤਾਂ ਉਤਸ਼ਾਹ ਵਧਦਾ ਹੈ, ਹੋਰ ਤਨਦੇਹੀ ਨਾਲ ਕੰਮ ਕਰਨ ਦੀ ਪ੍ਰੇਰਣਾ ਅਤੇ ਆਤਮ-ਸੰਤੁਸ਼ਟੀ ਪ੍ਰਾਪਤ ਹੁੰਦੀ ਹੈ। ਐਨ.ਆਰ.ਆਈ. ਰਾਜਿੰਦਰ ਅਗਨੀਹੋਤਰੀ ਯੂ.ਕੇ. ਨੇ ਦੱਸਿਆ ਕਿ ਉਹ ਯੂਥ ਵਾਇਸ ਫਾਊਂਡੇਸ਼ਨ ਦੇ ਸੇਵਾ ਕਾਰਜਾਂ ਨੂੰ ਸੋਸ਼ਲ ਪਲੇਟਫਾਰਮਾਂ 'ਤੇ ਲੰਬੇ ਸਮੇਂ ਤੋਂ ਦੇਖ ਰਹੇ ਸਨ। ਪਰ ਇਹ ਯਕੀਨੀ ਬਣਾਉਣਾ ਚਾਹੁੰਦਾ ਸੀ ਕਿ ਦਾਨ ਦਾ ਪੈਸਾ ਸਹੀ ਹੱਥਾਂ ਵਿੱਚ ਜਾਵੇ। ਫਾਊਂਡੇਸ਼ਨ ਦੀਆਂ ਗਤੀਵਿਧੀਆਂ ਨੂੰ ਦੇਖਣ ਤੋਂ ਬਾਅਦ ਉਹ ਕਾਫੀ ਪ੍ਰਭਾਵਿਤ ਹਨ ਅਤੇ ਪੂਰਾ ਯਕੀਨ ਹੋ ਗਿਆ ਹੈ ਕਿ ਇਹ ਸੰਸਥਾ ਚੰਗੇ ਇਰਾਦਿਆਂ ਨਾਲ ਸਹੀ ਦਿਸ਼ਾ ਵਿੱਚ ਕੰਮ ਕਰ ਰਹੀ ਹੈ। ਉਨ੍ਹਾਂ ਭਰੋਸਾ ਦਿੱਤਾ ਕਿ ਉਹ ਭਵਿੱਖ ਵਿੱਚ ਵੀ ਯੂਥ ਵਾਇਸ ਫਾਊਂਡੇਸ਼ਨ ਨੂੰ ਹਰ ਸੰਭਵ ਸਹਾਇਤਾ ਪ੍ਰਦਾਨ ਕਰਦੇ ਰਹਿਣਗੇ। ਇਸ ਦੌਰਾਨ ਸੰਸਥਾ ਦੇ ਅਹੁਦੇਦਾਰ ਨੰਦ ਸੋਨੀ ਨੇ ਦੱਸਿਆ ਕਿ ਫਾਊਂਡੇਸ਼ਨ ਦਾ ਇੱਕੋ ਇੱਕ ਉਦੇਸ਼ ਵਾਂਝੇ ਵਰਗ ਨੂੰ ਹਰ ਸੰਭਵ ਮਦਦ ਪ੍ਰਦਾਨ ਕਰਨਾ ਹੈ। ਇਸ ਮੌਕੇ ਅਨੂ ਸਹੋਤਾ, ਸ਼੍ਰੀ ਢਿੱਲੋਂ ਅਤੇ ਹੋਰ ਪਤਵੰਤੇ ਹਾਜਰ ਸਨ।

# ਸਮੂਹ ਰਾਜਨੀਤਿਕ ਪਾਰਟੀਆਂ ਨਾਲ ਮੀਟਿੰਗ

## ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦੇ ਆਪਣੇ ਬੀ.ਐਲ.ਏ. ਦੀਆਂ ਕਰਨ ਜਲਦ ਤੋਂ ਜਲਦ ਨਿਯੁਕਤੀਆਂ

ਗੁਰਦਾਸਪੁਰ-ਨਵਨੀਤ ਕੁਮਾਰ - ਭਾਰਤੀ ਚੋਣ ਕਮਿਸ਼ਨ ਤੇ ਪੰਜਾਬ ਰਾਜ ਚੋਣ ਕਮਿਸ਼ਨਰ ਜੀ ਦੀਆਂ ਹਦਾਇਤਾਂ ਅਨੁਸਾਰ ਵੋਟਰ ਸੂਚੀ ਵਿੱਚ ਸੁਧਾਈ ਦਾ ਕੰਮ ਲਗਾਤਾਰ ਚੱਲ ਰਿਹਾ ਹੈ। ਆਮ ਤੌਰ ਤੇ ਵੇਖਿਆ ਜਾਂਦਾ ਹੈ ਕਿ ਜਦੋਂ ਵੀ ਕੋਈ ਵੋਟਾਂ ਨੇੜੇ ਹੁੰਦੀਆਂ ਹਨ ਤਾਂ ਵੋਟਰ ਸੂਚੀ ਵਿੱਚ ਸੁਧਾਈ ਲਈ ਇੱਕ ਦਮ ਬਹੁਤ ਸਾਰੀਆਂ ਅਰਜੀਆਂ ਆ ਜਾਂਦੀਆਂ ਹਨ ਜਿਸ ਨਾਲ ਵੋਟਾਂ ਵਿੱਚ ਲੱਗਾ ਅਮਲਾ ਤੇ ਹੋਰ ਕੰਮ ਪ੍ਰਭਾਵਿਤ ਹੋਣ ਦੇ ਨਾਲ-ਨਾਲ ਵੋਟਰ ਸੂਚੀ ਤਰੁੱਟੀ ਰਹਿਤ ਬਣਨ ਵਿੱਚ ਮੁਸ਼ਕਿਲ ਪੇਸ਼ ਆਉਂਦੀ ਹੈ ਇਸ ਲਈ ਹੁਣੇ ਤੋਂ ਹੀ ਇਸ ਦਿਸ਼ਾ ਵਿੱਚ ਕੰਮ ਕਰਨਾ ਚਾਹੀਦਾ ਹੈ।

ਉਕਤ ਮਕਸਦ ਦੀ ਪੂਰਤੀ ਲਈ ਵਧੀਕ ਜ਼ਿਲ੍ਹਾ ਚੋਣ ਅਫ਼ਸਰ-ਕਮ-ਵਧੀਕ ਡਿਪਟੀ ਕਮਿਸ਼ਨਰ (ਜਨਰਲ) ਡਾ. ਹਰਜਿੰਦਰ ਸਿੰਘ ਬੇਦੀ ਵੱਲੋਂ ਜ਼ਿਲ੍ਹੇ ਦੇ ਸਮੂਹ ਰਾਜਨੀਤਿਕ ਪਾਰਟੀਆਂ ਦੇ ਨੁਮਾਇਦਿਆਂ ਨਾਲ ਮੀਟਿੰਗ ਕੀਤੀ। ਉਹਨਾਂ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਸੰਬੋਧਨ ਕਰਦਿਆਂ ਦੱਸਿਆ ਕਿ ਉਹ ਹੁਣੇ ਤੋਂ ਹੀ ਆਪਣੇ-ਆਪਣੇ ਏਰੀਆ ਵਿੱਚ ਨਵੀਆਂ ਵੋਟਾਂ ਬਣਾਉਣ, ਵੋਟਾਂ ਵਿੱਚ ਸੁਧਾਈ ਕਰਵਾਉਣ ਆਦਿ ਲਈ ਨਾਗਰਿਕਾਂ ਨੂੰ ਜਾਗਰੂਕ ਕਰਨ ਅਤੇ ਵੋਟਾਂ ਨਾਲ ਸਬੰਧਤ ਸੇਵਾਵਾਂ ਉਹਨਾਂ ਤੱਕ ਪੁੱਜਦੀਆਂ ਕਰਨ ਵਿੱਚ ਪ੍ਰਸ਼ਾਸ਼ਨ ਦਾ ਸਾਥ ਦੇਣ। ਵੋਟ ਬਣਵਾਉਣ/ਦਰੁੱਸਤ ਕਰਵਾਉਣ ਜਾਂ ਕਟਵਾਉਣ ਲਈ ਵੋਟਰ ਹੈਲਪਲਾਈਨ ਐਪ ਜਾਂ ਪੋਰਟਲ ਦੀ ਮੱਦਦ ਲੈਣ ਤੋਂ ਇਲਾਵਾ, ਆਪਣੇ ਏਰੀਏ ਦੇ ਬੀ.ਐਲ.ਓ ਜਾਂ ਸਬੰਧਤ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰ ਦੇ ਦਫ਼ਤਰ ਨਾਲ ਰਾਬਤਾ ਕੀਤਾ ਜਾ ਸਕਦਾ ਹੈ। ਉਹਨਾਂ ਸਮੂਹ ਰਾਜਨੀਤਿਕ ਪਾਰਟੀਆਂ ਨੂੰ ਅਪੀਲ ਕੀਤੀ ਕਿ ਉਹ ਉਹ ਬੂਥਵਾਈਜ ਬੀ.ਐਲ.ਏ (ਬੂਥ ਲੈਵਲ ਏਜੰਟ) ਨਿਯੁਕਤ ਕਰਨ ਲਈ ਹਲਕੇਵਾਰ ਜਾਂ ਜ਼ਿਲ੍ਹੇ ਦੇ ਸਾਰੇ ਹਲਕਿਆਂ ਲਈ ਕਿਸੇ ਵਿਅਕਤੀ ਨੂੰ ਫਾਰਮ ਨੰ. ਬੀ.ਐਲ.ਏ-1 ਵਿੱਚ ਅਧਿਕਾਰਿਤ ਕੀਤਾ ਜਾਵੇ। ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਵੱਲੋਂ ਬੀ.ਐਲ.ਏ-1 ਵਿੱਚ ਅਧਿਕਾਰਿਤ ਵਿਅਕਤੀ ਵੱਲੋਂ ਹਰੇਕ ਪੋਲਿੰਗ ਬੂਥ/ਪੋਲਿੰਗ ਲੋਕੇਸ਼ਨ ਲਈ ਲਗਾਏ ਜਾਣ ਵਾਲੇ ਬੂਥ ਲੈਵਲ ਏਜੰਟ ਦੀ ਨਿਯੁਕਤੀ ਜੋ ਕਿ ਫਾਰਮ ਨੰ. ਬੀ.ਐਲ.ਏ-2 ਵਿੱਚ ਕੀਤੀ ਜਾਣੀ ਹੈ ਅਤੇ ਹਸਤਾਖਰ ਵੀ ਕੀਤੇ ਜਾਣਗੇ, ਬੀ.ਐਲ.ਏ ਨਿਯੁਕਤ ਕਰਨ ਲਈ ਉਸ ਵਿਅਕਤੀ ਦਾ ਸਬੰਧਤ ਬੂਥ ਦਾ ਵੋਟਰ ਹੋਣਾ ਜਰੂਰੀ ਹੈ। ਬੂਥ ਲੈਵਲ ਏਜੰਟ ਦੀ ਨਿਯੁਕਤੀ ਹਰੇਕ ਪੋਲਿੰਗ ਸਟੇਸ਼ਨ ਵਾਸਤੇ ਕੀਤੀ ਜਾਣੀ ਹੈ, ਜੋ ਕਿ ਬੀ.ਐਲ.ਏ-2 ਫਾਰਮ ਵਿੱਚ ਕੀਤੀ ਜਾਵੇਗੀ। ਬੁਧਵਾਰ ਲਗਾਏ ਗਏ ਬੂਥ ਲੈਵਲ ਏਜੰਟ ਦੇ ਫਾਰਮ ਸਬੰਧਤ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰ ਪਾਸ ਜਮ੍ਹਾਂ ਕਰਵਾਏ ਜਾਣੇ ਹਨ ਅਤੇ 21 ਮਾਰਚ 2025 ਤੱਕ ਲਿਸਟ ਜ਼ਿਲ੍ਹਾ ਚੋਣ ਦਫ਼ਤਰ ਪਾਸ ਵੀ ਜਮ੍ਹਾਂ ਕਰਵਾਈ ਜਾਵੇ।


ਉਨ੍ਹਾਂ ਕਿਹਾ ਕਿ ਭਾਰਤ ਚੋਣ ਕਮਿਸ਼ਨ ਵੱਲੋਂ ਸਮੂਹ ਭਾਰਤ ਵਿੱਚ 1950 ਟੋਲ ਫ੍ਰੀ ਨੰਬਰ ਜਾਰੀ ਕੀਤਾ ਗਿਆ ਹੈ, ਜਿਸ ਵਿੱਚ ਆਮ ਪਬਲਿਕ ਵੱਲੋਂ ਵੋਟਰ ਸੂਚੀ ਸਬੰਧੀ ਜਾਣਕਾਰੀ ਪ੍ਰਾਪਤ ਕਰਨ, ਆਪਣੇ ਸੁਝਾਓ ਦੇਣ ਜਾਂ ਵੋਟਾਂ ਸਮੇਤ ਆ ਰਹੀ ਮੁਸ਼ਕਿਲ ਸਬੰਧੀ ਕਿਸੇ ਵੀ ਤਰ੍ਹਾਂ ਸ਼ਿਕਾਇਤ ਦਰਜ ਕਰਵਾਈ ਜਾ ਸਕਦੀ ਹੈ। ਇਸ ਦੇ ਨਾਲ ਹੀ ਭਾਰਤ ਚੋਣ ਕਮਿਸ਼ਨ ਜੀ ਵੱਲੋਂ ਜਾਰੀ ਆਨਲਾਈਨ www.ngsp.eci.gov.in ਪੋਰਟਲ ਉਪਰ ਵੀ ਪਬਲਿਕ ਵੱਲੋਂ ਵੋਟਰ ਕਾਰਡ/ਵੋਟਾਂ ਸਬੰਧੀ ਕੋਈ ਵੀ ਜਾਣਕਾਰੀ ਜਾਂ ਸ਼ਿਕਾਇਤ ਆਨਲਾਈਨ ਦਰਜ ਕਰਵਾਈ ਜਾ ਸਕਦੀ ਹੈ। ਡਾ. ਹਰਜਿੰਦਰ ਸਿੰਘ ਬੇਦੀ ਨੇ ਅੱਗੇ ਦੱਸਿਆ ਕਿ ਅਗਾਮੀ ਵਿਧਾਨ ਸਭਾ ਚੋਣਾਂ ਲਈ ਕਿਸੇ ਵੀ ਪੋਲਿੰਗ ਸਟੇਸ਼ਨ ਦੀ ਹਾਲਤ ਬਹੁਤ ਖਸਤਾ ਹੋਣ ਸਬੰਧੀ ਜਾਂ ਪੋਲਿੰਗ ਸਟੇਸ਼ਨ ਦੀ ਦੂਰੀ ਪੋਲਿੰਗ ਏਰੀਏ ਤੋਂ 2 ਕਿਲੋਮੀਟਰ ਤੋਂ ਵੱਧ ਹੋਣ ਸਬੰਧੀ ਕੋਈ ਸੁਝਾਅ ਹੈ ਤਾਂ ਆਪਣੇ ਸਬੰਧਤ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰ ਨੂੰ ਦਿੱਤਾ ਜਾ ਸਕਦਾ ਹੈ। ਇਸ ਮੀਟਿੰਗ ਵਿੱਚ ਚੋਣ ਤਹਿਸੀਲਦਾਰ ਮਨਜਿੰਦਰ ਸਿੰਘ ਬਾਜਵਾ ਤੋਂ ਇਲਾਵਾ ਵੱਖ-ਵੱਖ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦੇ ਹਾਜ਼ਰ ਸਨ।

# ਕਾਨਪੁਰ ਦਾ ਗੰਗਾ ਮੇਲਾ ਅੱਜ ਅੰਗਰੇਜ਼ਾਂ ਦੇ ਗੋਡੇ ਟੇਕਣ ਦੀ ਖੁਸ਼ੀ ਦਾ ਨਤੀਜਾ ਹੈ

ਕਾਨਪੁਰ( ਸੁਨੀਲ ਬਾਜਪਾਈ ) ਇੱਥੇ ਅੱਜ ਵੀਰਵਾਰ ਨੂੰ ਗੰਗਾ ਮੇਲਾ ਲੱਗੇਗਾ। ਇਸ ਦੇ ਨਾਲ ਹੀ ਅੱਜ ਤੋਂ ਹੋਲੀ ਯਾਨੀ ਰੰਗੋਤਸਵ ਖਤਮ ਹੋ ਜਾਵੇਗਾ।

ਇਹ ਵੀ ਦੱਸ ਦਈਏ ਕਿ ਇੱਥੇ ਸਰਸਾਈਘਾਟ ਵਿਖੇ ਲਗਾਇਆ ਜਾ ਰਿਹਾ ਇਤਿਹਾਸਕ ਗੰਗਾ ਮੇਲਾ ਕ੍ਰਾਂਤੀਕਾਰੀਆਂ ਅੱਗੇ ਗੋਡੇ ਟੇਕਣ ਵਾਲੇ ਅੰਗਰੇਜ਼ਾਂ ਦੀ ਖੁਸ਼ੀ ਦਾ ਨਤੀਜਾ ਹੈ। ਇਹ ਹਰ ਸਾਲ ਕ੍ਰਾਂਤੀਕਾਰੀਆਂ ਦੀ ਯਾਦ ਵਿੱਚ ਹੀ ਆਯੋਜਿਤ ਕੀਤਾ ਜਾਂਦਾ ਹੈ। ਜਿੱਥੋਂ ਤੱਕ ਵੀਰਵਾਰ ਨੂੰ ਹੋਣ ਵਾਲੇ ਇਸ ਮੇਲੇ ਦਾ ਸਬੰਧ ਹੈ, ਇਹ ਅਨੁਰਾਧਾ ਨਛੱਤਰ ਵਿੱਚ ਹੀ ਆਯੋਜਿਤ ਕੀਤਾ ਜਾਵੇਗਾ।

ਅਸਲ ਵਿਚ ਇਹ ਵੀ ਉਹ ਸਮਾਂ ਹੈ ਜਦੋਂ ਕ੍ਰਾਂਤੀਕਾਰੀਆਂ ਨੇ ਅੰਗਰੇਜ਼ਾਂ ਦੀ ਦਮਨਕਾਰੀ ਨੀਤੀ ਤੇ ਜਿੱਤ ਹਾਸਲ ਕੀਤੀ ਸੀ। ਇਹ ਅਨੁਰਾਧਾ ਨਛੱਤਰ ਦਾ ਦਿਨ ਸੀ ਜਦੋਂ ਸ਼ਹਿਰ ਦੇ ਕੈਦੀ ਕ੍ਰਾਂਤੀਕਾਰੀਆਂ ਨੂੰ ਨਾ ਸਿਰਫ਼ ਆਜ਼ਾਦ ਕੀਤਾ ਗਿਆ ਸੀ, ਸਗੋਂ ਉਨ੍ਹਾਂ ਨੇ ਉਸੇ ਦਿਨ ਤਿਰੰਗਾ ਵੀ ਲਹਿਰਾਇਆ ਸੀ। ਇਸ ਦਿਨ ਪੂਰੇ ਸ਼ਹਿਰ ਵਿੱਚ ਹੋਲੀ ਮਨਾਈ ਗਈ ਅਤੇ ਮੇਲਾ ਵੀ ਲਗਾਇਆ ਗਿਆ। ਉਦੋਂ ਤੋਂ ਅੱਜ ਤੱਕ ਇਹ ਗੰਗਾ ਮੇਲਾ ਬੜੀ ਧੂਮ-ਧਾਮ ਨਾਲ ਕਰਵਾਇਆ ਜਾਂਦਾ ਹੈ।



ਦੇਸ਼ ਦੀ ਆਜ਼ਾਦੀ ਲਈ ਕੌਮੀ ਅੰਦੋਲਨ ਅਤੇ ਬ੍ਰਿਟਿਸ਼ ਭਾਰਤ ਛੱਡੋ ਅੰਦੋਲਨ ਦਾ ਇਹ ਦੌਰ 1942 ਦਾ ਸੀ। ਜਦੋਂ ਆਜ਼ਾਦੀ ਘੁਲਾਟੀਆਂ ਨੇ ਹੋਲੀ ਵਾਲੇ ਦਿਨ ਤਿਰੰਗਾ ਲਹਿਰਾਇਆ ਸੀ।

ਅਜਿਹਾ ਕਰਨ ਤੋਂ ਬਾਅਦ ਹੀ ਅੰਗਰੇਜ਼ਾਂ ਨੇ ਚੰਦ ਸੇਠ, ਹਾਮਿਦ ਖਾਨ, ਝੰਡਾ ਉਂਚਾ ਰਹੇ ਹਮਾਰਾ ਗੀਤਕਾਰ ਸ਼ਿਆਮ ਲਾਲ ਗੁਪਤਾ, ਅਮਰੀਕ ਸਿੰਘ, ਰਘੁਵਰ ਦਿਆਲ ਭੱਟ, ਬਾਲ ਕਿਸ਼ਨ ਸ਼ਰਮਾ, ਪੀਤਾਂਬਰ ਲਾਲ ਸਮੇਤ ਕਈ ਕ੍ਰਾਂਤੀਕਾਰੀਆਂ ਨੂੰ ਗ੍ਰਿਫਤਾਰ ਕਰ ਲਿਆ।

ਇਸ ਕਾਰਨ ਪੂਰੇ ਸ਼ਹਿਰ ਵਿੱਚ ਬਹੁਤ ਗੁੱਸਾ ਸੀ। ਲੋਕਾਂ ਨੇ ਹੋਲੀ ਖੇਡਣਾ ਬੰਦ ਕਰ ਦਿੱਤਾ ਅਤੇ ਸਾਰੇ ਆਜ਼ਾਦੀ ਘੁਲਾਟੀਆਂ ਦੀ ਰਿਹਾਈ ਦੀ ਮੰਗ ਕਰਨੀ ਸ਼ੁਰੂ ਕਰ ਦਿੱਤੀ। ਇਸ ਵੱਡੇ ਵਿਰੋਧ ਨੂੰ ਦੇਖਦਿਆਂ ਅੰਗਰੇਜ਼ ਸਰਕਾਰ ਨੂੰ ਉਸ ਨੂੰ ਰਿਹਾਅ ਕਰਨਾ ਪਿਆ। ਉਸ ਦਿਨ ਸਿਰਫ਼ ਅਨੁਰਾਧਾ ਨਛੱਤਰ ਸੀ। ਇਸ ਨੂੰ ਮਨਾਉਣ ਲਈ ਉਦੋਂ ਤੋਂ ਲੈ ਕੇ ਅੱਜ ਤੱਕ ਦਿਨ ਭਰ ਹੋਲੀ ਦਾ ਤਿਉਹਾਰ ਮਨਾਇਆ ਜਾਂਦਾ ਹੈ ਅਤੇ ਸ਼ਾਮ ਨੂੰ ਪਵਿੱਤਰ ਗੰਗਾ ਦੇ ਕੰਢੇ ਸਰਸਈਆ ਘਾਟ ਵਿਖੇ ਮੇਲਾ ਲਗਾਇਆ ਜਾਂਦਾ ਹੈ।

# ਸਰਸਵਤੀ ਦੇਵੀ ਦੀ ਅੰਤਿਮ ਅਰਦਾਸ ਗੁਰਦੁਆਰਾ ਗੁਰੂ ਅਰਜੁਨ ਦੇਵ ਸਤਿਸੰਗ ਸਭਾ ਰਜਿ ਸਮਰਾਲਾ ਚੌਂਕ ਲੁਧਿਆਣਾ ਵਿਖੇ ਕੀਤੀ ਗਈ



ਲੁਧਿਆਣਾ/ ਫਗਵਾੜਾ ( ਸੁਸ਼ੀਲ ਸ਼ਰਮਾ) ਸਮਾਜ ਸੇਵੀ ਜਨਕ ਰਾਜ ਸ਼ਰਮਾ (ਸ਼ਿਮਲਾ ਵਾਲੇ ) ਦੇ ਮਾਤਾ ਸਰਸਵਤੀ ਦੇਵੀ (102 ਸਾਲ) ਸੰਖੇਪ ਬਿਮਾਰੀ ਤੋਂ ਬਾਅਦ ਇਸ ਫਾਨੀ ਸੰਸਾਰ ਨੂੰ ਅਲਵਿਦਾ ਕਹਿ ਗਏ ਨਮਿੱਤ ਅੰਤਿਮ ਅਰਦਾਸ ਸਥਾਨਕ ਗੁਰਦੁਆਰਾ ਗੁਰੂ ਅਰਜੁਨ ਦੇਵ ਸਤਿਸੰਗ ਸਭਾ ਰਜਿ ਸਮਰਾਲਾ ਚੌਂਕ ਲੁਧਿਆਣਾ ਵਿਖੇ ਕੀਤੀ ਗਈ ਇਸ ਮੌਕੇ ਭਾਈ ਜਗਤਾਰ ਸਿੰਘ ਜੀ ਕੀਰਤਨੀਏ ਜੱਥੇ ਵਲੋਂ ਜਗਤ ਮੈ ਝੂਠੀ ਦੇਖੀ ਪ੍ਰੀਤ , ਜਾਗ ਲਿਓ ਮਨਾਂ ਜਾਗ ਲਿਓ ਹੇਅ ਮਨਾਂ ਜਾਗ ਲਿਓ ,ਆਪੇ ਹਰ ਇੱਕ ਰੰਗ ਹੈ ਆਪੇ ਬਹੁ ਰੰਗੀ ਜੋ ਕੁਝ ਭਾਵੇਂ ਨਾਨਕਾ ਸਾਰੀ ਗੱਲ ਚੰਗੀ ਬੇਰਾਗਮੇਈ ਕੀਰਤਨ ਕਰ ਵਿਛੜੀ ਰੂਹ ਨੂੰ ਸ਼ਰਧਾਂਜਲੀ ਭੇਟ ਕੀਤੀ ਇਸ ਮੌਕੇ ਕਥਾ ਵਾਚਕ ਗਿਆਨੀ ਜਗੀਰ ਸਿੰਘ ( ਗੁਰਦੁਆਰਾ ਮੰਜੀ ਸਾਹਿਬ ਆਲਮਗੀਰ ) ਨੇ ਮਾਂ ਦੀ ਮਮਤਾ ਬਾਰੇ ਵਿਸਥਾਰ ਪੂਰਵਕ ਚਾਨਣਾ ਪਾ ਸਭਣਾ ਨੂੰ ਭਾਵੁਕ ਕਰ ਦਿੱਤਾ ਇਸ ਮੌਕੇ ਕੰਵਲਜੀਤ ,ਅਸ਼ੋਕ ਕਮਾਰ ,
ਮਾਇਆ ਦੇਵੀ ,ਬੌਬੀ ਆਹੂਜਾ, ਸੰਤੋਸ ਰਾਣੀ ,ਬਲਜੀਤ ਕੁਕਰੇਜਾ, ਸੋਨੀਆ ਭਾਰਗਵ , ਪੁਜਾ , ਨਰਿੰਦਰ ਕੁਮਾਰ , ਰਾਜੇਸ਼ ਕੁਮਾਰ , ਡਾ ਰਮਨ , ਸੁਸ਼ਮਾ ਸ਼ਰਮਾ , ਜਸਵੀਰ ਸਿੰਘ ਚਾਵਲਾ , ਹਰਪਾਲ ਸਿੰਘ ਚੀਨਾ , ਦਰਸ਼ਨ ਸਿੰਘ ਮੰਗਾ , ਚਮਨ ਲਾਲ , ਬਿੱਟੂ ਅਮ੍ਰਿਤਸਰ ਆਦਿ ਮੌਜੂਦ ਸਨ

# ਕਮਲ ਸਰੋਜ ਅਤੇ ਰਵੀ ਸਿੱਧੂ ਦੀ ਅਗਵਾਈ 'ਚ ਡੀ.ਸੀ. ਕਪੂਰਥਲਾ ਨੂੰ ਮਿਲਿਆ ਵਫਦ

ਫਗਵਾੜਾ (ਸੁਸ਼ੀਲ ਸ਼ਰਮਾ ) ਸ਼ਿਵ ਸੈਨਾ ਯੂਬੀਟੀ ਅਤੇ ਜੇਸੀਟੀ ਮਿੱਲ ਮਜ਼ਦੂਰ ਸੰਘਰਸ਼ ਕਮੇਟੀ ਦਾ ਇੱਕ ਵਫ਼ਦ ਸ਼ਿਵ ਸੈਨਾ ਦੇ ਸੂਬਾ ਪ੍ਰੈਸ ਸਕੱਤਰ ਕਮਲ ਸਰੋਜ ਅਤੇ ਜੇਸੀਟੀ ਮਿੱਲ ਥਾਪਰ ਕਲੋਨੀ ਦੇ ਕੌਂਸਲਰ ਰਵੀ ਸਿੱਧੂ ਦੀ ਅਗਵਾਈ ਹੇਠ ਡਿਪਟੀ ਕਮਿਸ਼ਨਰ ਕਪੂਰਥਲਾ ਅਮਿਤ ਕੁਮਾਰ ਪੰਚਾਲ ਨੂੰ ਮਿਲਿਆ। ਇਸ ਦੌਰਾਨ ਫਗਵਾੜਾ ਦੇ ਲੋਕਾਂ ਨੂੰ ਦਰਪੇਸ਼ ਕੁਝ ਸਮੱਸਿਆਵਾਂ ਬਾਰੇ ਡੀਸੀ ਕਪੂਰਥਲਾ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ ਅਤੇ ਜੇਸੀਟੀ ਮਿੱਲ ਦੇ ਮਜ਼ਦੂਰ, ਜੋ ਆਪਣੀਆਂ ਬਕਾਇਆ ਤਨਖਾਹਾਂ ਅਤੇ ਭੱਤਿਆਂ ਲਈ ਸੰਘਰਸ਼ ਕਰ ਰਹੇ ਹਨ, ਉਹਨਾਂ ਨੂੰ ਜਲਦੀ ਇਨਸਾਫ਼ ਦਿਵਾਉਣ ਲਈ ਮਿੱਲ ਮਾਲਕਾਂ ਅਤੇ ਪ੍ਰਬੰਧਕਾਂ ਵਿਰੁੱਧ ਕਾਰਵਾਈ ਤੇਜ਼ ਕਰਨ ਦੀ ਅਪੀਲ ਕੀਤੀ ਗਈ। ਕਮਲ ਸਰੋਜ ਨੇ ਡਿਪਟੀ ਕਮਿਸ਼ਨਰ ਕਪੂਰਥਲਾ ਨੂੰ ਦੱਸਿਆ ਕਿ ਤਹਿਸੀਲ ਕੰਪਲੈਕਸ, ਕਾਰਪੋਰੇਸ਼ਨ ਅਤੇ ਹੋਰ ਸਰਕਾਰੀ ਵਿਭਾਗਾਂ ਅਤੇ ਖਾਸ ਕਰਕੇ ਪੁਲਿਸ ਥਾਣਿਆਂ ਵਿੱਚ ਸਟਾਫ਼ ਦੀ ਘਾਟ ਕਾਰਨ ਫਗਵਾੜਾ ਵਿੱਚ ਕਾਨੂੰਨ ਵਿਵਸਥਾ ਦੀ ਸਮੱਸਿਆ ਹੈ। ਥਾਣਿਆਂ ਵਿੱਚ ਤਾਇਨਾਤ ਪੁਲਿਸ ਅਧਿਕਾਰੀਆਂ 'ਤੇ ਦਫ਼ਤਰੀ ਕੰਮ ਸੰਭਾਲਣ ਅਤੇ ਜਨਤਕ ਸੁਰੱਖਿਆ ਨੂੰ ਯਕੀਨੀ ਬਣਾਉਣ ਦਾ ਦੋਹਰਾ ਭਾਰ ਹੈ। ਜਿਸ ਕਾਰਨ ਅਧਿਕਾਰੀ ਅਤੇ ਕਰਮਚਾਰੀ ਅਕਸਰ ਥਾਣਿਆਂ ਵਿੱਚ ਉਪਲਬਧ ਨਹੀਂ ਹੁੰਦੇ ਅਤੇ ਆਮ ਲੋਕਾਂ ਨੂੰ ਅਫਸਰਾਂ ਦਾਂ ਘੰਟਿਆਂਬੱਧੀ ਇੰਤਜ਼ਾਰ ਕਰਨਾ ਪੈਂਦਾ ਹੈ। ਕੌਂਸਲਰ ਰਵੀ ਸਿੱਧੂ ਨੇ ਪੰਜਾਬ ਸਰਕਾਰ ਦੀ ਨਸ਼ਿਆਂ ਵਿਰੁੱਧ ਜੰਗ ਦੀ ਸ਼ਲਾਘਾ ਕੀਤੀ ਅਤੇ ਪੁਲਿਸ ਅਧਿਕਾਰੀਆਂ ਨੂੰ ਫਗਵਾੜਾ ਖੇਤਰ ਵਿੱਚ ਇਸ ਮੁਹਿੰਮ ਨੂੰ ਹੋਰ ਤੇਜ਼ ਕਰਨ ਲਈ ਨਿਰਦੇਸ਼ ਦੇਣ ਲਈ ਕਿਹਾ। ਡਿਪਟੀ ਕਮਿਸ਼ਨਰ ਕਪੂਰਥਲਾ ਨੇ ਵਫ਼ਦ ਨੂੰ ਭਰੋਸਾ ਦਿੱਤਾ ਕਿ ਫਗਵਾੜਾ ਦੇ ਲੋਕਾਂ ਨੂੰ ਦਰਪੇਸ਼ ਸਾਰੀਆਂ ਸਮੱਸਿਆਵਾਂ ਦਾ ਹੱਲ ਜਲਦੀ ਕੀਤਾ ਜਾਵੇਗਾ। ਇਸ ਮੌਕੇ ਨਵਲ ਕਿਸ਼ੋਰ ਅਤੇ ਉਮੇਸ਼ ਗਿਰੀ ਵੀ ਮੌਜੂਦ ਸਨ।



# ਜਨਮ ਦਿਨ ਮੁਬਾਰਕ



ਨਾਮ-ਹਾਰਵੀ ਮੱਲ
ਪਿਤਾ ਦਾ ਨਾਮ-ਪਿੰਦੀ ਮੱਲ
ਮਾਤਾ ਦਾ ਨਾਂ-ਸ੍ਰੀਮਤੀ ਮਮਤਾ ਮੱਲ
ਪਤਾ-ਯੂ.ਕੇ.

SHAHEED BABA NIHAL SINGH CHARITABLE HOSPITAL
Near Gurudwara Talhan, VPO-Talhan, Distt. Jalandhar, Ph. 0181-2770808
Ambulance Service 24hrs.
FACILITIES AVAILABLE
I.C.C.U. (Intensive Cardiac Care Unit), Indoor Facies Ultrasound Scan, Gyane & Obstetrical Operations, Surgierles, Neonatal ICU (Incubator Phototherapy) Well Equipped Laboratory, Nebulizer for Asthma Patients, Ortho & Spine Surgeon, Special Clinic for Skin & V.D., SIDS & HIV Patients, ECG, Dental Facilites, Eye Operations
Free Medicine for 9am to 5pm

JSDC GROUP ਜਲੰਧਰ ਸਕਿਲ ਡਿਵੈਲਪਮੈਂਟ ਕਾਰਪੋਰੇਸ਼ਨ
178, ਪੁਲਿਸ ਲਾਈਨ ਰੋਡ, ਰਣਜੀਤ ਨਗਰ, ਜਲੰਧਰ - ਇੰਡੋ ਕੈਨੇਡੀਅਨ ਬੱਸ ਦਫਤਰ ਦੇ ਨੇੜੇ
ਭਾਰਤ ਸਰਕਾਰ ਦੇ ਵਿਦੇਸ਼ ਮੰਤਰਾਲੇ ਤੋਂ ਮਾਨਤਾ ਪ੍ਰਾਪਤ ਭਰਤੀ ਏਜੰਸੀ | ਲਾਇਸੰਸ ਨੰ: B-1303/PUN/PER/1000+/5/9437/2018
ਦੁਬਈ, ਕੁਵੈਤ ਅਤੇ ਯੂਰਪ ਦੇ ਦੇਸ਼ਾਂ ਵਿੱਚ ਵਰਕ ਪਰਮਿਟ ਦੀ ਜਾਣਕਾਰੀ ਲਈ ਅੱਗੇ ਦਿੱਤੇ ਨੰਬਰਾਂ 'ਤੇ ਕਾਲ ਕਰੋ ਜਾਂ ਸਾਡੇ ਫੇਸਬੁੱਕ, ਇੰਸਟਾਗ੍ਰਾਮ, ਲਿੰਕਡਇਨ, ਯੂਟਿਊਬ ਅਤੇ ਟਵਿੱਟਰ ਅਕਾਊਂਟਸ ਨੂੰ ਫਾਲੋ ਕਰੋ
82880 21797
82880 21798
WWW.JSDCGROUP.COM
JSDC GROUP - INDIA

INNOCENT HEARTS GROUP OF INSTITUTIONS
Learning Today... Leading Tomorrow !
150+ Placements In Session 2022-23
18+ MOUs with Industries
upto 100% Scholarship Schemes*
Offering 20+ Programmes
Management | Commerce | Information Technology
Hospitality | Medical Lab | Healthcare Sciences
Enroll for Session 2023-24
1800-833-4600
87250-33447
www.ihgi.in

St. Soldier GROUP OF INSTITUTIONS
EDUCATIONAL SINCE 1958
64 YEARS EXCELLENCE
MORE THAN
•56 Colleges & Schools •200 Merit Positions
•125 Companies For Placements
•75 Academic Courses
•2000 Placements In 2022 - 2023
•42000 Students From All Over India
CANADIAN PATHWAY PROGRAMS
FREE BUS SERVICE FOR ALL COLLEGE STUDENTS FOR ALL ROUTES
ENGINEERING (B.Tech - M.Tech*)
• Mechanical Engg.*• Electrical Engg. • Civil Engg. • Computer Science Engg.* • Tool Engg. • B.Voc Hardware and Networking • Electronics & Comm. Engg. • Automobile Engg.
HOTEL MANAGEMENT
• B.Sc (H&HA) Hospitality and Hotel Administration • BHMCT Hotel Management & Catering Technology • BTTM Tourism and Travel Management • MHMCT Masters in Hotel Management and Catering Technology • One Year Courses (Food Production, Bakery, F&B Services, Front Office)
MANAGEMENT & COMMERCE
• MBA • BBA • B.Sc. (Cyber Security) • M.Com.(Prof.) • BCom. (Reg/Prof.)
DEGREE COURSES
• BA • B.Com. • BBA • D.C.A. • PGDCA • BCA / B.Sc. (IT)
PARAMEDICAL COURSES
• M.Pharmacy • B.Pharmacy • B. Sc. MLS • D.Pharmacy • Diploma in MLT • M.Sc MLS • Bachelor of Physiotherapy • MSC (Medical Microbiology, Biochemistry) • BSC Medical Technology - Anesthesia & Operation Theater* • BSC Operation Theater Technology* • BSC Radiology and Imaging Technology*
POLYTECHNIC DIPLOMA
IN JALANDHAR & CHABBEWAL HOSHIARPUR
• Tool & Die Making • Electronics & Comm. Engg. • Civil Engg. • Mechanical, Electrical, Computer Engg. • Automobile Engg. • Mechatronics Diploma in Polytechnic • Diploma in Architectural Assistance Ship
MEDIA & FASHION
• B.Sc. Fashion Technology • B.Sc. Mass Comm. & Journalism • B.Sc. Multimedia
INFORMATION TECHNOLOGY
• MCA • BCA • BSc.IT • PGDCA • DCA
LAW
• BA.LLB. • B.COM. LLB • BBA.LLB. • LLB
• PG DIPLOMA IN CYBER LAW
TEACHER / PHYSICAL EDUCATION
• BPES • B.Ed.• D.El.Ed.• B.P.Ed. • D.P.Ed
NURSING TRAINING
• General Nursing & Midwifery (GNM)
ARCHITECTURE
• B. Architecture
INDUSTRIAL TRAINING INSTITUTE
• Electrician • COPA • Welder • Carpenter • Plumber • Vehicle Motor Mechanic • Architecture Draftsman • Diesel Mechanic • Refrigeration & AC
PMKVY
/stsoldiergroup
www.stsoldiergroup.com
LATERAL ENTRY ADMISSION INTO SECOND YEAR AVAILABLE
Now ANIMATION & SOCIAL MEDIA Courses Available
CORP. OFFICE : 680-L MODEL TOWN, JALANDHAR.
M: 9814003681 | 9814003652 | 9814345025 | 9914464565